ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ 99155-94111

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ


DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 02 ਅਕਤੂਬਰ 2024

Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਕਿਸੇ ਦੀਆ ਸੁਣਾਈਆਂ ਹੋਈਆਂ ਗੱਲਾਂ ਤੇ ਤੁਰੰਤ ਯਕੀਨ ਨਹੀਂ ਕਰ ਲੈਣਾ ਚਾਹੀਦਾ, ਕਿਉਂਕਿ ਲੋਕ ਤੁਹਾਨੂੰ ਉਹ ਗੱਲਾਂ ਕਦੇ ਨਹੀਂ ਦੱਸਦੇ ਜਿਸ ਵਿੱਚ ਉਹ ਖੁਦ ਗਲਤ ਹੋਣ।

ਨਰਿੰਦਰ ਨੀਟਾ

ਰੋਜ਼ਾਨਾ ਲੋਕ ਬਾਣੀ www.lokbani.com

R. N. I. Punpun/29016/2008 * ਸਾਲ 16 , * ਅੰਕ : 113, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

## ਚੀਨ ਲਗਾਤਾਰ ਕਰ ਰਿਹਾ ਹੈ ਸਮਝੋਤੇ ਦੀ ਉਲੰਘਣਾ --ਵਿਦੇਸ਼ ਮੰਤਰੀ



**ਦਿੱਲੀ, ਲੋਕ ਬਾਣੀ** --ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਕਿਹਾ ਕਿ ਭਾਰਤ ਅਤੇ ਚੀਨ ਵਿਚਾਲੇ ਤਣਾਅ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਸਰਹੱਦ ਤੇ ਫੌਜਾਂ ਦੀ ਅੱਗੇ ਤਾਇਨਾਤੀ ਨਹੀਂ ਹੁੰਦੀ । ਉਨ੍ਹਾਂ ਕਿਹਾ ਕਿ ਚੀਨ ਦੁਆਰਾ 2020 ਵਿਚ ਸਰਹੱਦ ਨੂੰ ਸ਼ਾਂਤੀਪੂਰਨ ਅਤੇ ਸ਼ਾਂਤ ਰੱਖਣ ਬਾਰੇ ਸਮਝੌਤਿਆਂ ਦੀ ਉਲੰਘਣਾ ਕੀਤੀ ਗਈ ਸੀ । ਉਨ੍ਹਾਂ ਇਹ ਟਿੱਪਣੀਆਂ ਅਮਰੀਕਾ ਵਿਚ ਕਾਰਨੇਗੀ ਐਂਡੋਮੈਂਟ ਦੁਆਰਾ ਆਯੋਜਿਤ ਇਕ ਸਮਾਗਮ ਵਿਚ ਕੀਤੀਆਂ।

## ਜੰਮੂ ਕਸ਼ਮੀਰ ਵਿਚ ਅਖੀਰਲੇ ਗੇੜ ਵਿੱਚ 68 ਪ੍ਰਤੀਸ਼ਤ ਤੋਂ ਵੱਧ ਪੋਲਿੰਗ ਹੋਈ



**ਜੰਮੂ ਕਸ਼ਮੀਰ, ਲੋਕ ਬਾਣੀ-** ਜੰਮੂ ਕਸ਼ਮੀਰ ਅਸੈਂਬਲੀ ਲਈ ਅੱਜ ਤੀਜੇ ਤੇ ਆਖਰੀ ਗੇੜ ਦੀ ਵੋਟਿੰਗ ਦੌਰਾਨ 68.72 ਫੀਸਦ ਪੋਲਿੰਗ ਦਰਜ ਕੀਤੀ ਗਈ ਹੈ। ਸਾਂਬਾ ਜ਼ਿਲ੍ਹੇ ਵਿਚ ਸਭ ਤੋਂ ਵੱਧ 73.45 ਫੀਸਦ ਜਦੋਂਕਿ ਸੋਪੋਰ 'ਚ ਸਭ ਤੋਂ ਘੱਟ 41.44 ਫੀਸਦ ਪੋਲਿੰਗ ਹੋਈ। ਤੀਜੇ ਗੇੜ ਵਿਚ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਸੱਤ ਜ਼ਿਲ੍ਹਿਆਂ ਦੀਆਂ 40 ਸੀਟਾਂ ਲਈ ਵੋਟਾਂ ਪਈਆਂ। ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਪੋਲਿੰਗ ਸਵੇਰੇ 7 ਵਜੇ ਸ਼ੁਰੂ ਹੋ ਕੇ ਤੇ ਸ਼ਾਮੀਂ 6 ਵਜੇ ਸਮਾਪਤ ਹੋਈ। ਕੌਮਾਂਤਰੀ ਸਰਹੱਦ ਤੇ ਕੰਟਰੋਲ ਰੇਖਾ ਦੇ ਨਾਲ ਵਿਸ਼ੇਸ਼ ਪੋਲਿੰਗ ਸਟੇਸ਼ਨਾਂ ਸਣੇ ਹੋਰਨਾਂ ਥਾਵਾਂ 'ਤੇ ਚੋਣ ਅਮਲ ਅਮਨ-ਅਮਾਨ ਨਾਲ ਨਿੱਬੜ ਗਿਆ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |



91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਹਿਮਾਚਲ ਦੇ ਕਿੰਨੌਰ ਵਿੱਚ ਢਿੱਗਾਂ ਡਿੱਗੀਆਂ ਸੜਕਾਂ ਹੋਇਆ ਜਾਮ



**ਸ਼ਿਮਲਾ ਲੋਕ ਬਾਣੀ**--ਹਿਮਾਚਲ ਪ੍ਰਦੇਸ਼ ਦੇ ਕਿੰਨੌਰ ਜ਼ਿਲ੍ਹੇ ਦੇ ਨੇਗੁਲਸਾਰੀ ਦੇ ਕੌਮੀ ਮਾਰਗ ਨੰਬਰ 5 (ਹਿੰਦੁਸਤਾਨ-ਤਿੱਬਤ ਸੜਕ) 'ਤੇ ਅੱਜ ਤੜਕੇ ਵੱਡੀ ਗਿਣਤੀ ਵਿਚ ਢਿੱਗਾਂ ਡਿੱਗੀਆਂ ਜਿਸ ਕਾਰਨ ਇਹ ਖੇਤਰ ਰਾਜਧਾਨੀ ਸ਼ਿਮਲਾ ਤੋਂ ਕੱਟਿਆ ਗਿਆ। ਪੁਲੀਸ ਨੇ ਦੱਸਿਆ ਕਿ ਕੋਈ ਜ਼ਖਮੀ ਨਹੀਂ ਹੋਇਆ ਪਰ ਢਿੱਗਾਂ ਡਿੱਗਣ ਕਾਰਨ ਹਾਈਵੇਅ ਦੇ ਦੋਵੇਂ ਪਾਸੇ ਵੱਡੀ ਗਿਣਤੀ ਵਿੱਚ ਸੈਲਾਨੀਆਂ ਦੇ ਵਾਹਨ ਅਤੇ ਸੇਬ ਨਾਲ ਭਰੇ ਟਰੱਕ ਫਸ ਗਏ। ਹਾਈਵੇਅ ਨੂੰ ਖਾਲੀ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ।

## ਪੰਜਾਬ ਵਿੱਚ ਇਕ ਹੋਰ ਨੌਜਵਾਨ ਦਾ ਸ਼ਰੇਆਮ ਕੀਤਾ ਗਿਆ ਕਤਲ



**ਗੁਰਦਾਸਪੁਰ, ਨਵਨੀਤ ਕੁਮਾਰ**-ਅੱਜ ਦੇਰ ਸ਼ਾਮ ਇਥੋਂ ਦੀ ਦਾਣਾ ਮੰਡੀ ਵਿਖੇ ਨੌਜਵਾਨਾਂ ਵਿਚਾਲੇ ਹੋਈ ਝੜਪ 'ਚ ਇਕ ਨੌਜਵਾਨ ਦਾ ਕਿਰਚਾਂ ਮਾਰ ਕੇ ਕਤਲ ਕਰ ਦਿੱਤਾ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ ਹਰਦੀਪ ਸਿੰਘ (18) ਪੁੱਤਰ ਪ੍ਰਦੀਪ ਸਿੰਘ ਵਾਸੀ ਡੇਰਾ ਬਾਬਾ ਨਾਨਕ ਵਜੋਂ ਹੋਈ ਹੈ। ਮ੍ਰਿਤਕ ਦੀ ਮਾਤਾ ਬਲਵਿੰਦਰ ਕੌਰ ਵਲੋਂ ਪੁਲਿਸ ਨੂੰ ਦਿੱਤੇ ਗਏ ਬਿਆਨਾਂ ਅਨੁਸਾਰ ਕਰੀਬ 6 ਵਜੇ 2 ਨੌਜਵਾਨ ਹਰਦੀਪ ਸਿੰਘ ਨੂੰ ਘਰੋਂ ਬੁਲਾ ਕੇ ਦਾਣਾ ਮੰਡੀ ਲੈ ਗਏ ਜਿਥੇ ਪਹਿਲਾਂ ਤੋਂ ਮੌਜੂਦ ਕੁਝ ਨੌਜਵਾਨਾਂ ਨਾਲ ਹੋਈ ਤਕਰਾਰ ਦੌਰਾਨ ਉਸ ਦਾ ਕਿਰਚਾਂ ਮਾਰ ਕੇ ਕਤਲ ਕਰ ਦਿੱਤਾ। ਹਰਦੀਪ ਸਿੰਘ ਨੂੰ ਸਥਾਨਕ ਸਿਵਲ ਹਸਪਤਾਲ ਵਿਖੇ ਲਿਆਂਦਾ ਗਿਆ

## ਪੰਜਾਬ ਵਿੱਚ ਸਰਪੰਚ ਤੇ ਪੰਚ ਦੀ ਬੋਲੀ ਮਾਮਲੇ ਵਿੱਚ ਚੋਣ ਕਮਿਸ਼ਨ ਥੋੜਾ ਸਖਤ




**ਜਲੰਧਰ, ਬਿੱਟੂ ਫੋਲੜੀਵਾਲ**
ਪੰਜਾਬ ਵਿੱਚ ਪੰਚਾਇਤੀ ਚੋਣਾਂ ਤੋਂ ਪਹਿਲਾਂ ਸੂਬੇ ਵਿੱਚ ਕੁਝ ਥਾਵਾਂ 'ਤੇ ਸਰਪੰਚ ਤੇ ਪੰਚ ਦੀ ਚੋਣ ਲਈ ਚੱਲ ਰਹੀ ਖੁੱਲ੍ਹੀ ਨਿਲਾਮੀ ਦਾ ਵਿਰੋਧ ਕੀਤਾ ਹੈ। ਸੀਨੀਅਰ ਰਾਜਨੇਤਾਵਾਂ ਦੇ ਵਫ਼ਦ ਨੇ ਅੱਜ ਰਾਜ ਚੋਣ ਕਮਿਸ਼ਨਰ ਨਾਲ ਮੁਲਾਕਾਤ ਕੀਤੀ ਤੇ ਗ਼ੈਰ-ਕਾਨੂੰਨੀ ਸਰਗਰਮੀਆਂ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਬਣਦੀ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਪੰਚਾਇਤੀ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੰਗ ਪੱਤਰ ਵੀ ਸੌਂਪਿਆ। ਚੀਮਾ ਨੇ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਸਾਫ਼-ਸੁਥਰੀ ਚੋਣ ਪ੍ਰਕਿਰਿਆ ਲਈ ਵਚਨਬੱਧ ਹੈ।

## ਜਲੰਧਰ ਚ ਨਹੀਂ ਆਉਣਗੀਆਂ ਕੁਝ ਦਿਨ ਟਰੇਨਾਂ




**ਜਲੰਧਰ, ਵਿਸ਼ਾਲ ਸ਼ੈਲੀ** --ਪੰਜਾਬ ਦੇ ਜਲੰਧਰ ਕੈਂਟ ਰੇਲਵੇ ਸਟੇਸ਼ਨ ਤੇ ਪਿਛਲੇ ਕੁਝ ਦਿਨਾਂ ਤੋਂ ਮੁਰੰਮਤ ਦਾ ਕੰਮ ਚੱਲ ਰਿਹਾ ਹੈ। ਪੂਰੇ ਸਟੇਸ਼ਨ ਨੂੰ ਦੁਬਾਰਾ ਬਣਾਇਆ ਜਾ ਰਿਹਾ ਹੈ ਜਿਸ ਕਾਰਨ ਰੇਲਵੇ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਦੀ ਸਭ ਤੋਂ ਵੱਡੀ ਰੇਲ ਗੋਲਡਨ ਸ਼ਤਾਬਦੀ ਅਤੇ ਸ਼ਾਨ-ਏ-ਪੰਜਾਬ ਹੁਣ ਜਲੰਧਰ ਨਹੀਂ ਆਉਣਗੀਆਂ। ਜਲੰਧਰ ਕੈਂਟ ਰੇਲਵੇ ਸਟੇਸ਼ਨ ਤੇ 200 ਮੀਟਰ ਲੰਮੀ ਛੱਤ ਬਣਾਈ ਜਾ ਰਹੀ ਹੈ ਅਜਿਹੇ ਚ ਇਸ ਤੇ ਲੋਹੇ ਦੇ ਗਰਡਰ ਲਗਾਏ ਜਾ ਰਹੇ ਹਨ। ਜਿਸ ਕਾਰਨ ਇਹ ਫੈਸਲਾ ਲੈਣਾ ਪਿਆ।

## ਦੇਸ਼ ਵਿਚ ਇਸ ਵਾਰ 8% ਜ਼ਿਆਦਾ ਬਾਰਿਸ਼ ਹੋਈ



**ਚੰਡੀਗੜ੍ਹ, ਵਿਨੋਦ ਸ਼ਰਮਾ**--ਭਾਰਤ ਦੇ ਮੌਸਮ ਵਿਭਾਗ ਦੇ ਅਨੁਸਾਰ, 2024 ਦੇ ਦੱਖਣ-ਪੱਛਮੀ ਮਾਨਸੂਨ ਸੀਜ਼ਨ (ਜੂਨ-ਸਤੰਬਰ) ਦੌਰਾਨ ਪੂਰੇ ਭਾਰਤ ਵਿਚ ਬਾਰਿਸ਼ ਲੰਬੇ ਸਮੇਂ ਦੀ ਔਸਤ (ਐਲ.ਪੀ.ਏ.) ਦਾ 108 ਪ੍ਰਤੀਸ਼ਤ ਸੀ, ਜੋ ਕਿ ਆਮ ਨਾਲੋਂ ਵੱਧ ਮਾਨਸੂਨ ਸੀਜ਼ਨ ਨੂੰ ਦਰਸਾਉਂਦੀ ਹੈ । ਅੱਜ ਰਾਤ ਤੋਂ ਮਾਨਸੂਨ ਮੁੜ ਸਰਗਰਮ ਹੋ ਜਾਵੇਗਾ । ਇਸ ਦੇ ਨਾਲ ਹੀ ਮੌਸਮ ਵੀ ਬਦਲ ਜਾਵੇਗਾ । ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦੋ ਦਿਨਾਂ ਤੱਕ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਹਾਲਾਂਕਿ, ਅੱਜ (ਐਤਵਾਰ) ਲਈ ਮੀਂਹ ਦੀ ਕੋਈ ਚਿਤਾਵਨੀ ਨਹੀਂ ਹੈ।

## ਅਲਿਨ ਪ੍ਰਭਾਤ ਬਣੇ ਜੰਮੂ ਕਸ਼ਮੀਰ ਦੇ ਨਵੇਂ ਪੁਲਿਸ ਡਾਇਰੈਕਟਰ ਜਨਰਲ



**ਜੰਮੂ ਕਸ਼ਮੀਰ ਲੋਕ ਬਾਣੀ**-ਇਸ ਵੇਲੇ ਦੀ ਵੱਡੀ ਖਬਰ ਜੰਮੂ ਕਸ਼ਮੀਰ ਵਿਚੋ ਆ ਰਹੀ ਹੈ ਜਿਥੇ ਚੋਣਾਂ ਹੋਇਆ ਹਨ ਤੇ ਨਾਲ ਹੀ ਜੰਮੂ ਕਸ਼ਮੀਰ ਚ ਵੱਡਾ ਬਦਲਾਅ ਕੀਤਾ ਗਿਆ ਵੱਡੇ ਪੁਲਿਸ ਅਧਿਕਾਰੀ ਨਲਿਨ ਪ੍ਰਭਾਤ ਨੂੰ ਜੰਮੂ-ਕਸ਼ਮੀਰ ਦੇ ਪੁਲਿਸ ਡਾਇਰੈਕਟਰ ਜਨਰਲ ਵਜੋ ਲਾਇਆ ਗਿਆ ਹੈ

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਵਿਧਾਇਕ ਰੰਧਾਵਾ ਨੇ ਡੇਰਾਬੱਸੀ ਦੇ ਵੋਟਰਾਂ ਨੂੰ ਅਗਾਂਹਵਧੂ ਅਤੇ ਪੜ੍ਹੇ ਲਿਖੇ ਪੰਚਾਇਤੀ ਨੁਮਾਇੰਦੇ ਚੁਣਨ ਦੀ ਕੀਤੀ ਅਪੀਲ

ਡੇਰਾਬੱਸੀ, (ਲੋਕ ਬਾਣੀ)
ਪੰਚਾਇਤ, ਲੋਕਤੰਤਰੀ ਪ੍ਰਣਾਲੀ ਦਾ ਮੂਲ ਆਧਾਰ ਭਾਰਤ ਦੀ ਆਰਥਿਕਤਾ ਦੀ ਵੀ ਇੱਕ ਮਜ਼ਬੂਤ ਕੜੀ ਹੈ, ਜਿਸ ਤਹਿਤ 15 ਅਕਤੂਬਰ ਨੂੰ ਪੰਜਾਬ ਵਿੱਚ ਪੰਚਾਇਤਾਂ ਲਈ ਵੋਟਾਂ ਪੈਣਗੀਆਂ, ਨਤੀਜੇ ਵੀ ਉਸੇ ਦਿਨ ਆਉਣਗੇ, ਜਿਸ ਤਹਿਤ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਲਕਾ ਡੇਰਾਬੱਸੀ ਦੇ ਨੌਜਵਾਨ, ਬਜ਼ੁਰਗ ਅਤੇ ਮਹਿਲਾ ਵੋਟਰਾਂ ਨੂੰ ਪੰਚਾਇਤ ਤੀ ਚੋਣਾਂ ਵਿੱਚ ਅਗਾਂਹਵਧੂ ਅਤੇ ਪੜ੍ਹੇ ਲਿਖੇ ਨੁਮਾਇੰਦਿਆਂ ਨੂੰ ਚੁਣ ਕੇ ਲਿਆਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਬਾਰ ਆਮ ਆਦਮੀ ਪਾਰਟੀ ਦੀ ਸਰਕਾਰ ਹੇਠ ਪੰਚਾਇਤੀ ਚੋਣਾਂ ਹੋਣ ਜ਼ਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਅਸੀਂ ਪੰਚਾਇਤਾਂ ਦੀਆਂ ਮੀਟਿੰਗਾਂ ਕਰਦੇ ਹਾਂ, ਗ੍ਰਾਮ ਸਭਾਵਾਂ ਦੇ ਇਜਲਾਸ ਕਰਦੇ ਹਾਂ ਤਾਂ ਅਦਾਲਤਾਂ ਦੀ ਤਰਜ਼ ਤੇ ਫੈਸਲੇ ਲਏ ਜਾਂਦੇ ਹਨ, ਪੰਚਾਇਤਾਂ ਦੇ ਮਤੇ ਅਤੇ ਗ੍ਰਾਮ ਸਭਾਵਾਂ ਦੇ ਫੈਸਲਿਆਂ ਨੂੰ ਅਦਾਲਤ ਵਿੱਚ ਵੀ ਚੈਲੇਂਜ ਨਹੀਂ ਕੀਤਾ ਜਾ ਸਕਦਾ, ਜੋ ਕਿ ਪੰਚਾਇਤਾਂ ਦੀ ਅਸਲ ਤਾਕਤ ਹੈ।
ਰੰਧਾਵਾ ਨੇ ਕਿਹਾ ਕਿ ਪੰਚਾਇਤਾਂ, ਜੋ ਭਾਰਤ ਵਿੱਚ ਸ਼ਾਸਨ ਦਾ ਆਧਾਰ ਹਨ, ਭਾਈਚਾਰਿਆਂ ਦੇ ਵਿਕਾਸ ਅਤੇ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਅੱਗੇ ਵਧਾਉਣ ਲਈ ਸਾਨੂੰ ਸਰਵਸੰਮਤੀ ਨਾਲ ਪਿੰਡ ਦੇ ਨੁਮਾਇੰਦੇ ਚੁਣਨੇ ਚਾਹੀਦੇ ਨੇ ਤਾਂ ਜੋ ਹੈ ਧੜੇਬੰਦੀ ਨਾ ਵਧੇ ਅਤੇ ਭਾਈਚਾਰਕ ਸਾਂਝ ਬਣੀ ਰਹੇ, ਜਿਸ ਨੂੰ ਖਤਮ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਫੈਸਲਾ ਲਿਆ ਹੈ ਕਿ ਪੰਜਾਬ ਵਿੱਚ ਪੰਚਾਇਤੀ ਚੋਣਾਂ ਹੁਣ ਸਿਆਸੀ ਪਾਰਟੀਆਂ ਦੇ ਚੋਣ ਨਿਸ਼ਾਨ ਤੇ ਨਹੀਂ ਹੋਣਗੀਆਂ ਤਾਂ ਜੋ ਆਪਸੀ ਸਦਭਾਵਨਾ ਬਣੀ ਰਹੇ।



ਵਿਧਾਇਕ ਰੰਧਾਵਾ ਨੇ ਅਜਿਹੇ ਪੰਚਾਇਤੀ ਨੁਮਾਇੰਦਿਆਂ ਦੀ ਚੋਣ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ ਜੋ ਨਾ ਸਿਰਫ਼ ਪੜ੍ਹੇ-ਲਿਖੇ ਹੋਣ ਸਗੋਂ ਅਗਾਂਹਵਧੂ ਸੋਚ ਵਾਲੇ ਵੀ ਹੋਣ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਉਮੀਦਵਾਰਾਂ ਦੀ ਸਰਵਸੰਮਤੀ ਚੋਣ ਕਰਨ ਜੋ ਆਪਣੇ ਭਾਈਚਾਰੇ ਦੀ ਭਲਾਈ ਲਈ ਸੰਪੂਰਨ ਦ੍ਰਿਸ਼ਟੀਕੋਣ ਰੱਖਦੇ ਹੋਣ। ਉਨ੍ਹਾਂ ਨੇ ਧੜੇਬੰਦੀ ਨੂੰ ਖਤਮ ਕਰਨ ਅਤੇ ਵਿਕਾਸ ਦੇ ਸਾਂਝੇ ਟੀਚੇ ਲਈ ਮਿਲ ਕੇ ਕੰਮ ਕਰਨ ਅਤੇ ਪਿੰਡਾਂ ਦੇ ਏਕੇ ਨੂੰ ਬਣਾਈ ਰੱਖਣ ਦੀ ਲੋੜ ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਚਾਇਤੀ ਚੋਣਾਂ ਰਾਜਨੀਤਕ ਚੋਣਾਂ ਨਹੀਂ ਹੁੰਦੀਆਂ ਇਨ੍ਹਾਂ ਚੋਣਾਂ ਵਿੱਚ ਪਿੰਡਾਂ ਦੇ ਲੋਕ ਆਪਣੇ ਪਿੰਡ ਦੇ ਨੁਮਾਇੰਦਿਆਂ ਨੂੰ ਜਾਤ ਬਿਰਾਦਰੀ ਤੋਂ ਉਪਰ ਉਠ ਕੇ ਚੋਣ ਕਰਦੇ ਹਨ।
ਰੰਧਾਵਾ ਨੇ ਕਿਹਾ ਕਿ ਪੜ੍ਹੇ ਲਿਖੇ ਨੌਜਵਾਨਾਂ ਨੂੰ ਚੋਣਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਚੋਣ ਲੜਨਾ ਸਾਰਿਆਂ ਦਾ ਅਧਿਕਾਰ ਹੈ ਪਰ ਜੇਕਰ ਸਰਵਸੰਮਤੀ ਹੋਵੇ ਤਾਂ ਇਸ ਤੋਂ ਵਧੀਆ ਸਮਾਜ ਲਈ ਕੁਝ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਐਲਾਨ ਕੀਤਾ ਹੈ ਕਿ ਸਰਬਸੰਮਤੀ ਨਾਲ ਪੰਚਾਇਤ ਚੁਣਨ ਵਾਲੇ ਪਿੰਡ ਨੂੰ 5 ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ, ਤਾਂ ਜੋ ਪਿੰਡਾਂ ਨੂੰ ਫਾਇਦਾ ਹੋ ਸਕੇ। ਉਨ੍ਹਾਂ ਐੱਸ ਪ੍ਰਗਟਾਈ ਕਿ ਇਨ੍ਹਾਂ ਪੰਚਾਇਤੀ ਚੋਣਾਂ ਵਿੱਚ ਲੋਕ ਮੇਰਾ ਅਤੇ ਪਰਸਾਸ਼ਨ ਦਾ ਸਾਥ ਦੇਣਗੇ ਅਤੇ ਆਪਣੇ ਪਿੰਡ ਦੇ ਨਾਲ ਨਾਲ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਯੋਗ ਵਿਅਕਤੀਆਂ ਨੂੰ ਪੰਚ-ਸਰਪੰਚ ਚੁੰਨਣਗੇ।

# ਪਰਾਲੀ ਪ੍ਰਬੰਧਨ: ਡਿਪਟੀ ਕਮਿਸ਼ਨਰ ਵਲੋਂ ਪਿੰਡਵਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ




ਬਰਨਾਲਾ, (ਲੋਕ ਬਾਣੀ)
ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ - ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਪਰਾਲੀ ਨੂੰ ਅੱਗ ਨਾ ਲੱਗਣ ਦੇਣ ਲਈ ਵਿੱਢੀ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਵਲੋਂ ਪਿੰਡਵਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।

ਅੱਜ ਪਿੰਡ ਸੇਖਾ, ਸ਼ਹਿਣਾ, ਜੋਧਪੁਰ ਤੇ ਠੀਕਰੀਵਾਲ ਪਿੰਡਾਂ ਦੇ ਪਟਵਾਰੀਆਂ, ਪੰਚਾਇਤ ਸਕੱਤਰਾਂ, ਪੰਚਾਇਤ ਪ੍ਰਧਾਨਾਂ, ਆਂਗਣਵਾੜੀ ਵਰਕਰਾਂ, ਨੰਬਰਦਾਰਾਂ, ਚੌਂਕੀਦਾਰਾਂ ਤੇ ਨਰੇਗਾ ਵਰਕਰਾਂ ਨਾਲ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਖੁਦ ਮੀਟਿੰਗਾਂ ਕੀਤੀਆਂ।

ਉਨ੍ਹਾਂ ਕਿਹਾ ਕਿ ਸੀਨੀਅਰ ਅਫ਼ਸਰਾਂ ਦੀ ਨਿਗਰਾਨੀ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਿੰਡ ਪੱਧਰੀ ਟੀਮਾਂ ਬਣਾਈਆਂ ਗਈਆਂ ਹਨ ਜਿਨ੍ਹਾਂ ਵਿਚ ਪਟਵਾਰੀ, ਪੰਚਾਇਤ ਸਕੱਤਰ, ਸਹਿਕਾਰੀ ਸਭਾਵਾਂ ਦੇ ਪ੍ਰਧਾਨ, ਆਂਗਣਵਾੜੀ ਵਰਕਰ, ਨੰਬਰਦਾਰ, ਚੌਂਕੀਦਾਰ ਤੇ ਨਰੇਗਾ ਵਰਕਰ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਣ ਬਚਾਉਣਾ ਹਰ ਇਕ ਵਿਅਕਤੀ ਦੀ ਜ਼ਿੰਮੇਵਾਰੀ ਹੈ ਕਿਉਂਕਿ ਅਸੀਂ ਸਾਰੇ ਇਸੇ ਵਾਤਾਵਰਣ ਵਿੱਚ ਸਾਹ ਲੈਂਦੇ ਹਨ, ਓਹਨਾ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਨਾਲ ਮੀਟਿੰਗਾਂ ਕਰਨ ਅਤੇ ਇਸ ਮੁਹਿੰਮ ਵਿਚ ਸਹਿਯੋਗ ਦੇਣ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਛਾਣੇ ਹਾਟ ਸਪਾਟ ਪਿੰਡਾਂ ਵਿਚ ਵਟਸਐਪ ਗਰੁੱਪ ਬਣਾਏ ਗਏ ਹਨ, ਜਿਨ੍ਹਾਂ ਵਿਚ ਪਿੰਡ ਪੱਧਰੀ ਟੀਮਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ, ਇਸ ਤੋਂ ਇਲਾਵਾ ਤਾਇਨਾਤ ਕੀਤੇ ਸੀਨੀਅਰ ਅਧਿਕਾਰੀ ਪਿੰਡਾਂ ਵਿਚ ਜਾ ਕੇ ਮੀਟਿੰਗਾਂ ਕਰਨਗੇ।

ਉਨ੍ਹਾਂ ਕਿਹਾ ਕਿ ਹਰੇਕ ਨਰੇਗਾ ਵਰਕਰ ਪੰਜ ਕਿਸਾਨਾਂ ਦੀ ਨਿਗਰਾਨੀ ਕਰੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਖੇਤਾਂ ਵਿਚ ਅੱਗ ਲੱਗਣ ਤੋਂ ਰੋਕਣ ਲਈ ਤਾਇਨਾਤ ਕੀਤੇ ਗਏ ਵਿਅਕਤੀਆਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਗਣਤੰਤਰ ਦਿਵਸ ਸਮਾਗਮ ਮੌਕੇ ਸਨਮਾਨਿਤ ਕੀਤਾ ਜਾਵੇਗਾ ਅਤੇ ਸਰਟੀਫਿਕੇਟ ਦਿੱਤੇ ਜਾਣਗੇ।

# ਮੌਲਾਨਾ ਸਾਜਿਦ ਕਾਸਮੀ ਨੂੰ ਜਮਿਆਤੁਲ ਉਲਮਾ ਵੱਲੋਂ ਜ਼ਿਲ੍ਹਾ ਮੋਹਾਲੀ ਦਾ ਕੀਤਾ ਪ੍ਰਧਾਨ ਨਿਯੁਕਤ



ਡੇਰਾਬੱਸੀ (ਲੋਕ ਬਾਣੀ) ਮੁਬੱਲਿਗ਼ ਏ ਇਸਲਾਮ ਮੁਫ਼ਤੀ ਏ ਆਜ਼ਮ ਪੰਜਾਬ ਹਜ਼ਰਤ ਮੌਲਾਨਾ ਮੁਫ਼ਤੀ ਮੁਹੰਮਦ ਖ਼ਲੀਲ ਕਾਸਮੀ ਸੂਬਾ ਪ੍ਰਧਾਨ ਜਮਿਆਤੁਲ ਉਲਮਾ ਪੰਜਾਬ ਦੀ ਅਗਵਾਈ ਹੇਠ ਜਮਿਆਤੁਲ ਉਲਮਾ ਜ਼ਿਲ੍ਹਾ ਮੋਹਾਲੀ ਦੀ ਯੂਨਿਟ ਬਣਾਈ ਗਈ ਅਲ੍ਹਹਮਦੁ ਲਿੱਲਾਹ
ਇਸ ਸਬੰਧ ਵਿੱਚ ਮੋਹਾਲੀ ਦੇ ਹਲਕਾ ਬਸੀ ਈਸਾ ਖਾਂ ਮਦਨੀ ਮਦਰਸਾ ਵਿੱਖੇ ਇੱਕ ਪ੍ਰੋਗਰਾਮ ਰੱਖਿਆ ਗਿਆ ਜਿਸ ਵਿੱਚ ਸਰਵ ਸੰਮਤੀ ਨਾਲ ਮੌਲਵੀ ਮੁਹੰਮਦ ਸਾਜਿਦ ਕਾਸਮੀ ਨੂੰ ਪ੍ਰਧਾਨ ਜਦਕਿ ਹਕੀਮ ਮੁਹੰਮਦ ਸ਼ਹਜ਼ਾਦ ਪ੍ਰਿੰਸੀਪਲ ਮਦਨੀ ਮਦਰਸਾ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਜਮਿਆਤੁਲ ਉਲਮਾ ਦੇਸ਼ ਦੀ ਸਭ ਤੋਂ ਵੱਡੀ ਤੇ ਪੁਰਾਣੀ ਧਾਰਮਿਕ ਜੱਥੇਬੰਦੀ ਹੈ ਜਿਸਨੇ ਅਜ਼ਾਦੀ ਵਿੱਚ ਅਹਿਮ ਭੂਮਿਕਾ ਨਿਭਾਈ। ਜਮਿਆਤੁਲ ਹਮੇਸ਼ਾ ਹੀ ਧਰਮ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ ਕਰਦੀ ਹੈ, ਘੱਟ ਗਿਣਤੀਆਂ ਤੇ ਦਬੇ ਕੁਚਲੇ ਲੋਕਾਂ ਤੇ ਹੋ ਰਹੇ ਜ਼ੁਲਮ ਦੇ ਖ਼ਿਲਾਫ਼ ਅਵਾਜ਼ ਨੂੰ ਬੁਲੰਦ ਕਰਦੀ ਹੈ । ਫ਼ੇਰ ਓ ਜ਼ੁਲਮ ਚਾਹੇ ਹਿੰਦੁ ਤੇ ਹੋ ਯਾ ਮੁਸਲਮਾਨ ਤੇ ।ਅਖੀਰ ਵਿੱਚ ਸੂਬਾ ਪ੍ਰਧਾਨ ਦੀ ਦੁਆ ਨਾਲ ਏਹ ਅਹਿਮ ਪ੍ਰੋਗਰਾਮ ਸਮਾਪਤ ਹੋਇਆ।

# ਸਿਵਲ ਫੂਡ ਸਪਲਾਈ ਵਿਭਾਗ ਦੀ ਲਾਪ੍ਰਵਾਹੀਆਂ ਕਰਕੇ ਲੋਕਾਂ ਪੰਜਾਬ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

ਅੰਮ੍ਰਿਤਸਰ (ਲੋਕ ਬਾਣੀ)
ਪੰਜਾਬ ਸਰਕਾਰ ਵੱਲੋਂ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਖੱਜਲ-ਖੁਆਰੀ ਦੇ ਮੁਫ਼ਤ ਰਾਸ਼ਨ ਦੇਣ ਦੇ ਵੱਡੇ-ਵੱਡੇ ਵਾਅਦੇ ਕੀਤੇ ਜਾਂਦੇ ਹਨ ਪਰ ਜਦੋਂ ਹੇਠਲੇ ਪੱਧਰ ’ਤੇ ਦੇਖਿਆ ਜਾਵੇ ਤਾਂ ਕਣਕ ਦੀ ਖਰੀਦ ਵਿੱਚ ਵੱਧ ਰਹੀਆਂ ਧੋਖਾਧੜੀਆਂ ਕਾਰਨ ਖੁਰਾਕ ਸਿਵਲ ਸਪਲਾਈ ਵਿਭਾਗ ਹਮੇਸ਼ਾ ਹੀ ਗੰਭੀਰ ਚਰਚਾ ਦਾ ਵਿਸ਼ਾ ਬਣਿਆ ਰਹਿੰਦਾ ਹੈ। ਅਜਿਹਾ ਹੀ ਇੱਕ ਮਾਮਲਾ ਅੰਮ੍ਰਿਤਸਰ ਜ਼ਿਲ੍ਹੇ ਦੇ ਫ਼ਤਾਹਪੁਰ ਇਲਾਕੇ ਵਿੱਚ ਦੇਖਣ ਨੂੰ ਮਿਲਿਆ। ਉਥੋਂ ਦੇ ਗਰੀਬ ਲੋਕਾਂ ਦੀਆਂ ਕਈ ਸ਼ਿਕਾਇਤਾਂ ਸਨ ਕਿ ਉਨ੍ਹਾਂ ਨੂੰ ਕਣਕ ਘੱਟ ਮਿਲ ਰਹੀ ਹੈ ਅਤੇ ਉਨ੍ਹਾਂ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ। ਜਦੋਂ ਪੱਤਰਕਾਰਾਂ ਦੀ ਟੀਮ ਮੌਕੇ ਤੇ ਪਹੁੰਚੀ ਤਾਂ ਉਥੇ ਗਰੀਬ ਲੋਕਾਂ ਨੂੰ ਘੱਟ ਕਣਕ ਵੰਡੀ ਜਾ ਰਹੀ ਸੀ, ਜਿਸ ਕਾਰਨ ਲੋਕਾਂ ਚ ਭਾਰੀ ਸਹਿਮ ਦਾ ਮਾਹੌਲ ਸੀ ਅਤੇ ਲੋਕਾਂ ਚ ਮੌਜੂਦਾ ਸਰਕਾਰ ਪ੍ਰਤੀ ਭਾਰੀ ਗੁੱਸਾ ਸੀ । ਉਥੇ ਮੌਜੂਦ ਲੋਕਾਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਸਾਨੂੰ ਹਰ ਵਾਰ ਪ੍ਰਤੀ ਮੈਂਬਰ 2 ਤੋਂ 3 ਕਿਲੋ ਕਣਕ ਘੱਟ ਮਿਲਦੀ ਹੈ। ਇਸ ਸਬੰਧੀ ਜਦੋਂ ਡਿਪੂ ਹੋਲਡਰ ਵਿਜੇ ਸ਼ਰਮਾ ਨੰ: 1049019000 25 ਅਤੇ ਲਖਵਿੰਦਰ ਸਿੰਘ ਲੱਖਾ ਡਿਪੂ ਨੰ: 10490 1900026 ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਗੁਦਾਮਾਂ ਵਿੱਚੋਂ ਕਣਕ ਘੱਟ ਮਿਲਦੀ ਹੈ ਜਿਸ ਕਰਕੇ ਅਸੀਂ ਲਾਭਪਾਤਰੀਆਂ ਨੂੰ ਘੱਟ ਕਣਕ ਦੇਣ ਲਈ ਮਜਬੂਰ ਹਾਂ । ਇਸ ਦੇ ਨਾਲ ਹੀ ਦੋਵਾਂ ਡਿਪੂ ਹੋਲਡਰਾਂ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਟਰਾਲੀ ਦੀ ਲੋਡਿੰਗ ਅਤੇ ਅਨਲੋਡਿੰਗ ਡਿਪੂ ਹੋਲਡਰ ਦੇ ਸਾਹਮਣੇ ਹੋਣੀ ਚਾਹੀਦੀ ਹੈ ਪਰ ਸਾਡੇ ਜਾਣ ਤੋਂ ਪਹਿਲਾਂ ਟਰਾਲੀ ਲੋਡ ਕੀਤੀ ਜਾਂਦੀ ਹੈ ਅਤੇ ਕਣਕ ਦੀ ਲੋਡ ਕਰਨ ਤੋਂ ਪਹਿਲਾਂ ਲੋੜੀਂਦੀ ਪਾਣੀ ਦੀ ਮਾਤਰਾ ਲਗਾਈ ਜਾਂਦੀ ਹੈ ਅਤੇ ਕਣਕ ਦਾ ਵਜ਼ਨ 3 ਤੋਂ 5 ਕੁਇੰਟਲ ਰੱਖਿਆ ਜਾਂਦਾ ਹੈ, ਜਿਸ ਨਾਲ ਸਾਨੂੰ ਭਾਰੀ ਨੁਕਸਾਨ ਝੱਲਣਾ ਪੈਂਦਾ ਹੈ ਅਤੇ ਇਸੇ ਤਰ੍ਹਾਂ ਸਰਕਾਰ ਵੱਲੋਂ 600 ਗ੍ਰਾਮ ਪ੍ਰਤੀ ਬੋਰੀ ਦਾ ਵਜ਼ਨ ਨਹੀਂ ਦਿੱਤਾ ਜਾਂਦਾ। ਇਸ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਜਦੋਂ ਅਸੀਂ ਫੂਡ ਸਿਵਲ ਸਪਲਾਈ ਦਫਤਰ ਅੰਮ੍ਰਿਤਸਰ ਦੇ ਕੁਝ ਉੱਚ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਹ ਸਾਡੇ ਡਿਪੂ ਨੂੰ ਮੁਅੱਤਲ ਜਾਂ ਰੱਦ ਕਰਨ ਦਾ ਹਵਾਲਾ ਦੇ ਕੇ ਖਰਾਬ, ਘੱਟ ਕਣਕ ਖਰੀਦਣ ਲਈ ਮਜਬੂਰ ਕਰਦੇ ਹਨ।



# ਹਲਕਾ ਅਟਾਰੀ ਪਿੰਡ ਮਾਨਾ ਵਾਲਾ ਕਲਾ ਵਾਰਡ ਨੰਬਰ 9, ਤੋ ਸ਼੍ਰੀਮਤੀ ਨਵਰੂਪ ਕੌਰ ਨੂੰ ਪੰਚ ਵਜੋਂ ਉਮੀਦਵਾਰ ਐਲਾਨਿਆ ਗਿਆ।



ਮਾਨਾ ਵਾਲਾ (ਲੋਕ ਬਾਣੀ) ਸਮੁੱਚੇ ਪੰਜਾਬ ਵਿਚ ਪੰਚਾਇਤੀ ਚੋਣਾਂ ਦਾ ਐਲਾਨ ਹੁੰਦੇ ਹੀ ਪਿੰਡਾਂ ਵਿੱਚ ਮਾਹੌਲ ਗਰਮਾ ਗਿਆ ਜਿੱਥੇ ਸਰਪੰਚੀ ਦੇ ਦਾਅਵੇਦਾਰ ਆਪੋ ਆਪਣੇ ਕਾਗਜ ਦਾਖਲ ਕਰਵਾਉਣ ਵਿਚ ਮਗ੍ਹੂਮ ਨਜ਼ਰ ਆਏ ਜੇਕਰ ਵੇਖਿਆ ਜਾਵੇ ਤਾਂ ਇਸ ਵਾਰ 2024 ਦੀਆ ਪੰਚਾਇਤੀ ਚੋਣਾ ਵਿਚ ਜਿਆਦਾਤਰ ਤਰਜੀਹ ਪੜੇ ਲਿਖੇ ਲੋਕਾ ਨੂੰ ਦਿੱਤੀ ਜਾ ਰਹੀ ਤਾਂ ਜੋ ਉਹ ਆਪੋ ਆਪਣੇ ਇਲਾਕੇ ਦੀ ਵਾਂਗ ਡੋਰ ਜਿੰਮੇਵਾਰੀ ਨਾਲ ਨਿਭਾ ਸਕਣ ਜਿਸਦੇ ਚਲਦੇ ਅੱਜ ਅੰਮ੍ਰਿਤਸਰ ਹਲਕਾ ਅਟਾਰੀ ਦੇ ਅਧੀਨ ਆਉਂਦੇ ਪਿੰਡ ਮਾਨਾ ਵਾਲਾ ਕਲਾਂ ਵਿਖੇ ਵਾਰਡ ਨੰਬਰ 9 ਦੀ ਪੜੀ ਲਿਖੀ ਤੇ ਗਰੈਜੂਏਸ਼ਨ ਪਾਸ ਹੋਣਹਾਰ ਮਹਿਲਾ ਸ਼੍ਰੀਮਤੀ ਨਵਰੂਪ ਕੌਰ ਪਤੀ ਮੀਤਇੰਦਰ ਸਿੰਘ ਨੂੰ ਮੌਕਾ ਦਿੰਦੇ ਹੋਏ ਸਾਬਕਾ ਸਰਪੰਚ ਸੁਖਰਾਜ ਸਿੰਘ ਦੀ ਰਹਿਨੁਮਾਈ ਹੇਠ ਵਾਰਡ 9 ਦੇ ਵਸਨੀਕਾਂ ਦੀ ਸਹਿਮਤੀ ਨਾਲ ਪੰਚ ਵਜੋਂ ਉਮੀਦਵਾਰ ਐਲਾਨ ਦਿੱਤਾ ਗਿਆ ਜਿੱਥੇ ਇਸ ਫੈਸਲੇ ਨੂੰ ਸੁਣਦਿਆਂ ਹੀ ਸ਼੍ਰੀਮਤੀ ਨਵਰੂਪ ਕੌਰ ਦੇ ਹੱਕ ਵਿਚ ਚਹਿਲ ਬਹਿਲ ਹੋਣੀ ਸ਼ੁਰੂ ਹੋ ਗਈਂ ਤੇ ਲੋਕ ਉਤਸ਼ਾਹ ਨਾਲ ਉਹਨਾ ਦੇ ਹੱਕ ਵਿਚ ਨਿੱਤਰ ਕੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਇਸ ਮੋਕੇ ਉਮੀਦਵਾਰ ਨਵਰੂਪ ਕੌਰ ਨਾਲ ਗੱਲਬਾਤ ਕਰਦਿਆਂ ਉਹਨਾ ਦੱਸਿਆਂ ਕਿ ਜੋ ਫੈਸਲਾ ਵਾਰਡ 9 ਦੇ ਵਸਨੀਕਾਂ ਵੱਲੋਂ ਲਿਆ ਗਿਆ ਹੈ ਉਹ ਮੇਰੇ ਵਲੋ ਬਿਲਕੁਲ ਅਟੱਲ ਹੈਤੇ ਮੈ ਉਸਤੇ ਚਟਾਨ ਵਾਂਗ ਪਹਿਰਾ ਦਵਾਂਗੀ ਉਹਨਾ ਕਿਹਾ ਕਿ ਵਾਰਡ ਵਿਚ ਇਕ ਦਿਨ ਵਿਚ ਹੀ ਕਿੰਨਾ ਰਹਿੰਦੇ ਨਾਗਰਿਕਾਂ ਨੇ ਮੇਰੇ ਮਨਸੂਬੇ ਉਤੇ ਵਿਸ਼ਵਾਸ ਕਰਕੇ ਅਥਾਹ ਪਿਆਰ ਦਿੱਤਾ ਇਸ ਲਈ ਮੈਂ ਉਹਨਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਕੋਟ ਕੋਟ ਧੰਨਵਾਦ ਕਰਦੀ ਹਾਂ ਅਤੇ ਪੂਰੀ ਨਿਰਭੈਤਾ ਨਾਲ ਭਰੋਸਾ ਜਿਤਾਉਂਦੀ ਹਾਂ ਕਿ ਪੰਚ ਬਣਨ ਤੇ ਲੋਕਾ ਦੇ ਹਰੇਕ ਮੁੱਦਿਆਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਾਂਗੀ ਉਹਨਾ ਕਿਹਾ ਕਿ ਸਭ ਤੋਂ ਅਹਿਮ ਮੁੱਦਾ ਇਹ ਹੋਵੇਗਾ ਜਿਸਤੇ ਲੋਕਾ ਵਲੋ ਨਵੀਆਂ ਪੰਚਾਇਤਾਂ ਬਣਨ ਤੇ ਆਸਾਂ ਲਗਾਈਆਂ ਗਈਆਂ ਹਨ ਕਿ ਪਾਰਟੀ ਬਾਜੀ ਤੋ ਉਪਰ ਉਠਕੇ ਪਿੰਡ ਵਿੱਚੋਂ ਨਸ਼ਾ ਖਤਮ ਕੀਤਾ ਜਾਵੇ ਅਤੇ ਨਸ਼ੇ ਦੀ ਦਲਦਲ ਵਿਚ ਧੱਸ ਚੁੱਕੇ ਨੌਜਵਾਨਾਂ ਦਾ ਇਲਾਜ਼ ਕਰਵਾ ਕੇ ਉਹਨਾਂ ਨੂੰ ਨਰੋਆ ਜੀਵਨ ਪ੍ਰਦਾਨ ਕੀਤਾ ਜਾਵੇਂ ਉਹਨਾ ਨੇਂ ਮੀਡੀਆ ਦੇ ਮਾਧਿਅਮ ਰਾਹੀਂ ਨਸ਼ਾ ਵੇਚਣ ਵਾਲੇ ਸਮਾਜ ਦੇ ਦੁਸ਼ਮਣਾਂ ਨੂੰ ਤਾੜਨਾ ਦਿੱਤੀ ਕਿ ਉਹ ਪਿੰਡ ਵਿਚ ਨਸ਼ਾ ਵੇਚਣ ਤੋਂ ਬਾਜ਼ ਆ ਜਾਣ ਨਹੀਂ ਤਾਂ ਸਾਡੀ ਪੰਚਾਇਤ ਬਣਨ ਸਮੇ ਕਾਨੂੰਨ ਮੁਤਾਬਕ ਬਣਦੀ ਸਖਤ ਕਾਰਵਾਈ ਕਰਵਾਈ ਜਾਵੇਗੀ ,ਤੇ ਤੁਹਾਡੇ ਅਸਲੀ ਘਰ ਜੇਲ ਅੰਦਰ ਬੰਦ ਕਰਵਾਇਆ ਜਾਵੇਗਾ। ਇਸ ਮੋਕੇ ਇਕੱਤਰ ਹੋਏ ਵਾਰਡ ਮੈਬਰਾਂ ਤੇ ਆਗੂਆ ਵਲੋਂ ਵਧਾਈ ਦੇ ਪਾਤਰ ਬਣੇ ਨਵਰੂਪ ਕੌਰ ਦੇ ਪਤੀ ਮੀਤਇੰਦਰ ਸਿੰਘ ਨੂੰ ਸਰੋਪਾ ਪਹਿਨਾਏ ਜਾਣ ਮੌਕੇ ਸ਼ੁਭਕਾਮਨਾਵਾਂ ਨਾਲ ਮਾਣ ਵਧਾਇਆ ਗਿਆ।

# ਡੀ.ਏ.ਵੀ. ਕਕਰਾਲਾ ਦੇ ਵਿਦਿਆਰਥੀਆਂ ਦਾ ਸੀ.ਬੀ.ਐਸ.ਈ ਕਲਸਟਰ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ



ਸਮਾਣਾ, (ਲੋਕ ਬਾਣੀ) ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਦੇ ਵਿਦਿਆਰਥੀਆਂ ਨੇ 28 ਤੋਂ 30 ਸਤੰਬਰ 2024 ਤੱਕ ਚੰਡੀਗੜ੍ਹ ਸੈਕਟਰ-7 ਚ ਕਰਵਾਈ ਗਈ ਸੀ.ਬੀ.ਐਸ.ਈ ਕਲਸਟਰ-17 ਐਥਲੈਟਿਕਸ ਮੁਕਾਬਲੇ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਜਿਕਰਯੋਗ ਹੈ ਕਿ ਇਸ ਮੁਕਾਬਲੇ ਵਿੱਚ 8 ਜ਼ਿਲਿਆਂ ਦੇ ਲੱਗਭਗ 1000 ਵਿਦਿਆਰਥੀਆਂ ਨੇ ਭਾਗ ਲਿਆ ।

ਡੀ.ਏ.ਵੀ. ਸਕੂਲ, ਕਕਰਾਲਾ ਦੇ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਮੈਡਲ ਜਿੱਤੇ । ਅੰਡਰ-17 ਸ਼੍ਰੇਣੀ ਵਿੱਚ: ਸਮਰਜੀਤ ਕੌਰ ਨੇ ਹਾਈ ਜੰਪ ਵਿੱਚ ਚਾਂਦੀ ਦਾ ਮੈਡਲ ਜਿੱਤਿਆ ਅਤੇ ਲੌਂਗ ਜੰਪ ਵਿੱਚ ਕਾਂਸੇ ਦਾ ਮੈਡਲ ਹਾਸਲ ਕੀਤਾ । ਅੰਡਰ-19 ਸ਼੍ਰੇਣੀ ਵਿੱਚ: ਸਾਹਿਲ ਵੀਰ ਸਿੰਘ ਨੇ ਹਾਈ ਜੰਪ ਵਿੱਚ ਚਾਂਦੀ ਦਾ ਮੈਡਲ ਅਤੇ ਲੌਂਗ ਜੰਪ ਵਿੱਚ ਕਾਂਸੇ ਦਾ ਮੈਡਲ ਜਿੱਤਿਆ । ਨਵਜੋਤ ਸਿੰਘ ਨੇ ਸ਼ੌਟ ਪੁਟ ਵਿੱਚ ਕਾਂਸੇ ਦਾ ਮੈਡਲ ਜਿੱਤਿਆ ।

ਦਿਲਪ੍ਰੀਤ ਕੌਰ ਨੇ ਲੌਂਗ ਜੰਪ ਵਿੱਚ ਚਾਂਦੀ ਦਾ ਮੈਡਲ ਹਾਸਲ ਕੀਤਾ ।ਇਨ੍ਹਾਂ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਕੌਮੀ ਪੱਧਰ ਦੇ ਮੁਕਾਬਲੇ ਲਈ ਕਵਾਲੀਫਾਈ ਕੀਤਾ ਹੈ ।ਸਕੂਲ ਮੁੱਖੀ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ ਤੇ ਉਹਨਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਖੇਡ ਵਿਭਾਗ ਦੇ ਅਧਿਆਪਕਾਂ ਹਰਮੀਤ ਸਿੰਘ ਅਤੇ ਸੀਮਾ ਹਾਂਡਾ ਦੀ ਮਿਹਨਤ ਦੀ ਸਰਾਹਨਾ ਕੀਤੀ । ਉਹਨਾਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੇ ਸਹਿਯੋਗ ਦਾ ਨਤੀਜਾ ਹੈ, ਅਤੇ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਸਾਡੇ ਵਿਦਿਆਰਥੀ ਰਾਸ਼ਟਰੀ ਪੱਧਰ ਤੇ ਵੀ ਇੰਝ ਹੀ ਸਕੂਲ ਦਾ ਨਾਮ ਰੌਸ਼ਨ ਕਰਨਗੇ।

# ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿੱਚ ਸਪਰੇਅ ਅਤੇ ਜਾਗਰੂਕਤਾ ਗਤੀਵਿਧੀਆਂ ਲਈ ਕੀਤੀਆਂ ਟੀਮਾਂ ਰਵਾਨਾ

ਅੰਮ੍ਰਿਤਸਰ (ਲੋਕ ਬਾਣੀ) ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਵਲੋਂ ਅੱਜ ਦਫਤਰ ਸਿਵਲ ਸਰਜਨ ਤੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿੱਚ ਸਪਰੇਅ ਅਤੇ ਜਾਗਰੂਕਤਾ ਗਤੀਵਿਧੀਆਂ ਲਈ 15 ਟੀਮਾਂ ਰਵਾਨਾ ਕੀਤੀਆਂ ਗਈਆਂ। ਇਸ ਅਵਸਰ ਤੇ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਇਹਨਾ ਟੀਮਾਂ ਵਲੋਂ ਹਫਤੇ ਵਿਚ ਤਿੰਨ ਵਾਰ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿਚ ਜਾਗਰੂਕਤਾ ਗਤੀਵਿਧੀਆਂ, ਸਪਰੇ, ਫੋਗਿੰਗ, ਬ੍ਰੀਡਿੰਗ ਚੈਕਿੰਗ ਅਤੇ ਚਲਾਣ ਕੱਟਣ ਦੀਆਂ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਉਹਨਾਂ ਵਲੋਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਸਿਹਤ ਵਿਭਾਗ ਨੂੰ ਸਹਿਯੋਗ ਕੀਤਾ ਜਾਵੇ ਕਿਉਂਕਿ ਡੇਂਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗਾ ਤੇ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ, ਆਪਣੇ ਘਰਾਂ ਵਿਚ ਫਰਿਜਾਂ ਦੀਆਂ ਟਰੇਆਂ, ਗਮਲਿਆ, ਕੂਲਰਾਂ ਆਦਿ ਦੀ ਸਫਾਈ ਹਫਤੇ ਵਿਚ ਇਕ ਵਾਰੀ ਯਕੀਨੀ ਬਣਾਈ ਜਾਵੇ, ਪੂਰੀ ਬਾਂਹ ਦੇ ਕਪੜੇ ਪਹਿਨੇ ਜਾਣ, ਮੱਛਰਦਾਨੀ ਅਤੇ ਮੱਛਰ ਭਜਾਓਣ ਵਾਲੀਆ ਕਰੀਮਾਂ ਸਪਰੇਅ ਦਾ ਇਸਤੇਮਾਲ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦਾ ਬੁਖਾਰ ਹੋਣ ਦੀ ਸੂਰਤ ਵਿਚ ਤੁਰੰਤ ਨਜਦੀਕ ਦੇ ਸਰਕਾਰੀ ਹਸਪਤਾਲ ਤੋਂ ਆਪਣਾਂ ਮੁਫਤ ਇਲਾਜ ਅਤੇ ਜਾਂਚ ਕਰਵਾਈ ਜਾਵੇ।



ਇਸ ਮੌਕੇ ਤੇ ਜਿਲਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਫੀਵਰ ਸਰਵੇ ਵੀ ਕੀਤਾ ਜਾ ਰਿਹਾ ਹੈ ਅਤੇ ਬੁਖਾਰ ਦੇ ਮਰੀਜਾਂ ਬਲੱਡ-ਸੈਂਪਲ ਵੀ ਲਏ ਜਾ ਰਹੇ ਹਨ। ਉਹਨਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਸੰਬਧੀ ਜਿਲੇ ਭਰ ਵਿਚ ਡੇਂਗੂ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਜਿਨਾਂ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਹਰੇਕ ਸਬ ਡਜਿਵੀਜਨਲ ਹਸਪਤਾਲਾਂ ਅਤੇ ਹਰੇਕ ਬਲਾਕ ਪੱਧਰ ਤੇ ਵੀ ਡੇਂਗੂ ਵਾਰਡਾਂ ਬਣਾਈਆਂ ਗਈਆ ਹਨ। ਐਂਟੀ ਲਾਰਵਾ ਵਿੰਗ ਵਿਚ 15 ਟੀਮਾਂ ਕੰਮ ਕਰ ਰਹੀਆ ਜੋ ਕਿ ਰੋਜਾਨਾਂ ਸ਼ਹਿਰ ਦੇ ਅਲੱਗ-ਅੱਲਗ ਹਿੱਸਿਆਂ ਵਿਚ ਖਾਸ ਕਰਕੇ ਹੋਟਸਪੋਟ ਖੇਤਰਾਂ ਵਿਚ ਜਾ ਕੇ ਐਂਟੀਲਾਰਵਾ ਗਤੀਵਿਧੀਆ ਕਰ ਰਹੀਆਂ ਹਨ।ਇਸਤੋਂ ਇਲਾਵਾ ਸਾਰੇ ਪ੍ਰਾਇਵੇਟ ਹਸਪਤਾਲਾਂ ਅਤੇ ਲੈਬੋਰਟਰੀਆਂ ਨੂੰ ਅਗਾਹ ਕੀਤਾ ਜਾ ਚੁੱਕਿਆ ਹੈ ਕਿ ਕੋਈ ਵੀ ਕੇਸ ਸਾਹਮਣੇ ਆਉਣ ਤੇ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।ਇਸ ਮੋਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਏ.ਐਮ.ਓ ਰਾਮ ਮਹਿਤਾ, ਐਸ.ਆਈ. ਗੁਰਦੇਵ ਸਿੰਘ ਢਿਲੋਂ, ਸੁਖਦੇਵ ਸਿੰਘ, ਹਰਵਿੰਦਰ ਸਿੰਘ, ਹਰਕਮਲ ਸਿੰਘ, ਰਜਿੰਦਰ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਹਰਮੀਤ ਸਿੰਘ, ਰਣਜੋਧ ਸਿੰਘ, ਬਿਕਰਮਜੀਤ ਸਿੰਘ, ਕਲਦੀਪ ਸਿੰਘ, ਗੁਰਪਾਲ ਸਿੰਘ, ਸੰਜੀਵ ਕੁਮਾਰ ਸਮੂਹ ਫੀਲਡ ਵਰਕਰ/ਬ੍ਰੀਡਿੰਗ ਕੈਚਰ ਅਤੇ ਐਂਟੀ ਲਾਰਵਾ ਸਟਾਫ ਹੋਏ।

# ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਵਾਢੀ 'ਤੇ ਪਾਬੰਦੀ



ਬਰਨਾਲਾ,(ਲੋਕ ਬਾਣੀ) ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ੍ਰੀਮਤੀ ਪੂਨਮਦੀਪ ਕੌਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਜ਼ਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਸ਼ਾਮ 6 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਫ਼ਸਲ ਦੀ ਕਟਾਈ ਕਰਨ 'ਤੇ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਝੋਨਾ ਵੱਢਣ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਹਾਰਵੈਸਟਰ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਇੰਸਪੈਕਸ਼ਨ ਕਰਵਾਉਣਗੇ ਅਤੇ ਕੋਈ ਵੀ ਕੰਬਾਇਨ ਸੁਪਰ ਐਸ.ਐਮ.ਐਸ. ਲਗਾਏ ਬਿਨਾਂ ਨਹੀਂ ਵਰਤੀ ਜਾਵੇਗੀ।

ਇੱਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਪੂਨਮਦੀਪ ਕੌਰ ਨੇ ਕਿਹਾ ਕਿ ਵੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਫਸਲ ਵੱਢਣ ਉਪਰੰਤ ਫਸਲ ਦੀ ਰਹਿੰਦ-ਖੂੰਹਦ ਨੂੰ ਸਬੰਧਤ ਕਿਸਾਨ ਵੱਲੋਂ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ ਅਤੇ ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ। ਅਜਿਹਾ ਕਰਨ ਨਾਲ ਆਲੇ ਦੁਆਲੇ ਖੜੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਇਸ ਲਈ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ 'ਤੇ ਵੀ ਪਾਬੰਦੀ ਲਾਈ ਗਈ ਹੈ। ਉਪਰੋਕਤ ਹੁਕਮ 28 ਨਵੰਬਰ ਤੱਕ ਲਾਗੂ ਰਹਿਣਗੇ।

# ਟੋਭੇ ਦਾ ਪਾਣੀ ਸੜਕ 'ਤੇ ਆਉਣ ਨਾਲ ਰਾਹਗਿਰਾਂ ਅਤੇ ਪਿੰਡ ਨਿਵਾਸੀਆਂ ਲਈ ਬਣਿਆ ਪ੍ਰੇਸ਼ਾਨੀ





ਖਰੜ (ਕਾਲਾ ਸਿੰਘ ਸੈਣੀ) -ਨਗਰ ਘੜੂੰਆਂ ਤੋਂ ਪਿੰਡ ਮਾਛੀਪੁਰ ਨੂੰ ਜਾਂਦੀ ਸੜਕ ਤੇ ਟੋਭੇ ਦਾ ਪਾਣੀ ਓਵਰਫ਼ਲੋ ਹੋਣ ਕਾਰਨ ਸੜਕ 'ਤੇ ਆਉਣ ਕਾਰਨ ਰਾਹਗਿਰਾਂ ਅਤੇ ਨਗਰ ਨਿਵਾਸੀਆਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਨਿਵਾਸੀ ਸਾਬਕਾ ਸਰਪੰਚ ਭਰਭੂਰ ਸਿੰਘ, ਹਰਦੀਪ ਸਿੰਘ,ਦਵਿੰਦਰ ਸਿੰਘ,ਹਰਨੇਕ ਸਿੰਘ,ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਟੋਭੇ ਵਿੱਚਲਾ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਗੰਦਾ ਪਾਣੀ ਸੜਕ 'ਤੇ ਆ ਗਿਆ ਹੈ। ਜਿਸ ਕਰਕੇ ਇਸ ਦੇ ਕਰੀਬ ਰਹਿੰਦੇ ਲੋਕਾਂ ਅਤੇ ਰਾਹਗਿਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨਾਂ ਦੱਸਿਆ ਗੰਦੇ ਪਾਣੀ 'ਚ ਬਦਬੂ ਮਾਰਨ ਕਾਰਨ ਕਿਸੇ ਸਮੇਂ ਵੀ ਭਿਆਨਕ ਬਿਮਾਰੀ ਫੈਲਣ ਦਾ ਵੀ ਡਰ ਬਣਿਆ ਹੋਇਆ ਹੈ। ਉਨਾਂ ਦੱਸਿਆ ਕਿ ਸਰਕਾਰ ਵਲੋਂ ਇਸ ਟੋਭੇ ਦਾ ਸੁੰਦਰੀਕਰਨ ਕਰਨ ਲਈ ਪੁੱਟਿਆ ਗਿਆ ਸੀ ਪਰ ਹਾਲੇ ਤੱਕ ਇਸ ਵਿੱਚ ਸਿਰਫ਼ ਗੰਦਾ ਪਾਣੀ ਹੀ ਡਿੱਗ ਰਿਹਾ ਹੈ ਜੋ ਓਵਰਫ਼ਲੋ ਹੋ ਕੇ ਹੁਣ ਲੋਕਾਂ ਦੇ ਘਰਾਂ ਅੱਗੇ ਆ ਗਿਆ ਹੈ। ਜਿਸ ਕਾਰਨ ਸਕੂਲ ਜਾਣ ਵਾਲੇ ਵਿਦਿਆਰਥੀਆਂ,ਰਾਹਗਿਰਾਂ ਸਮੇਤ ਪਿੰਡ ਨਿਵਾਸੀਆਂ ਲਈ ਵੱਡੀ ਪ੍ਰੇਸ਼ਾਨੀ ਦਾ ਕਾਰਨ ਬਣ ਗਿਆ ਹੈ। ਉਨਾਂ ਦੱਸਿਆ ਕਿ ਇਸ ਸਮੱਸਿਆ ਸਬੰਧੀ ਕਈ ਵਾਰੀ ਪ੍ਰਸ਼ਾਸ਼ਨ ਨੂੰ ਵੀ ਕਿਹਾ ਗਿਆ ਹੈ ਪਰ ਸਰਕਾਰ ਵਲੋਂ ਇਸ ਵਲ ਹੁਣ ਤੱਕ ਧਿਆਨ ਨਹੀਂ ਦਿੱਤਾ ਗਿਆ। ਉਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਦੋਂ ਤੱਕ ਨਗਰ ਘੜੂੰਆਂ ਦੇ ਪਾਣੀ ਦੀ ਨਿਕਾਸੀ ਦਾ ਕੋਈ ਠੋਸ ਪ੍ਰਬੰਧ ਨਹੀਂ ਕੀਤਾ ਜਾਂਦਾ ਉੱਦੋਂ ਤੱਕ ਕਿਸੇਵੀ ਛੱਪੜ ਜਾਂ ਟੋਭੇ ਨੂੰ ਬੰਦ ਨਾ ਕੀਤਾ ਜਾਵੇ। ਉਨਾਂ ਕਿਹਾ ਕਿ ਜੇਕਰ ਘੜੂੰਆਂ ਵਿਚ ਕਿਸੇ ਛੱਪੜ ਜਾਂ ਟੋਭੇ ਨੂੰ ਭਰਿਆ ਗਿਆ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਜਸਬੀਰ ਸਿੰਘ,ਕਰਮ ਸਿੰਘ,ਬਲਦੇਵ ਸਿੰਘ,ਹਰਚੰਦ ਸਿੰਘ,ਗੁਰਮੀਤ ਸਿੰਘ,ਮਹਿੰਦਰ ਸਿੰਘ,ਰੁਲਦਾ ਸਿੰਘ,ਨਾਇਬ ਸਿੰਘ,ਬੰਤ ਸਿੰਘ,ਨਿਰਮਲ ਸਿੰਘ ਸਮੇਤ ਹੋਰ ਨਗਰ ਨਿਵਾਸੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੈਸੇ ਦੇ ਜ਼ੋਰ 'ਤੇ ਸਰਪੰਚ ਬਣਨ ਵਾਲਿਆਂ 'ਤੇ ਸਰਕਾਰ ਕਾਰਵਾਈ ਕਰੇ:ਕੁਲਵੰਤ ਤ੍ਰਿਪੜੀ



ਖਰੜ (ਕਾਲਾ ਸਿੰਘ ਸੈਣੀ)-ਪੰਜਾਬ ਸਰਕਾਰ ਸਰਪੰਚੀ ਦੀਆ ਚੋਣਾ 'ਚ ਬੋਲੀ ਲਗਾ ਕੇ ਸਰਪੰਚੀ ਲੈਣ ਵਾਲੇ ਵਿਅਕਤੀਆਂ ਵਿਰੱਧ ਬਣਦੀ ਕਾਨੂੰਨੀ ਕਾਰਵਾਈ ਕਰੇ ਤਾਂ ਜੋ ਦੇਸ਼ ਦੀ ਸਭ ਤੋਂ ਵੱਡੀ ਮੰਨੀ ਜਾਣ ਵਾਲੀ ਇਸ ਚੋਣ ਨੂੰ ਸਾਫ਼-ਸੁਥਰੇ ਢੰਗ ਨਾਲ ਨੇਪਰੇ ਚੜਾਇਆ ਜਾ ਸਕੇ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਰ ਦੇ ਜੱਥੇਬੰਦਕ ਸਕੱਤਰ ਕੁਲਵੰਤ ਸਿੰਘ ਤ੍ਰਿਪੜੀ ਨੇ ਕਿਹਾ ਕਿ ਜਦੋਂ ਦਾ ਰਾਜ 'ਚ ਚੋਣ ਕਮਿਸ਼ਨਰ ਵਲੋਂ ਸੂਬੇ ਵਿੱਚ ਪੰਚਾਇਤੀ ਚੋਣਾਂ ਦਾ ਐਲਾਨ ਕੀਤਾ ਹੈ,ਉੱਦੋਂ ਤੋਂ ਹੀ ਸੂਬੇ ਦੇ ਕਈ ਪਿੰਡਾਂ ਵਿੱਚੋਂ ਵੱਡੇ ਧਨਾਢ ਲੋਕਾਂ ਵਲੋਂ ਪਿੰਡ ਦੇ ਵਿਕਾਸ ਦੇ ਨਾਮ 'ਤੇ ਲੱਖਾਂ ਰੁਪਏ ਦੀ ਬੋਲੀ ਲਗਾ ਕੇ ਪਿੰਡ ਦੀ ਸਰਪੰਚੀ 'ਤੇ ਆਪਣੀ ਦਾਅਵੇਦਾਰੀ ਠੋਕੀ ਜਾ ਰਹੀ ਹੈ। ਜਿਸ ਦੇ ਅੱਗੇ ਗਰੀਬ ਉਮੀਦਵਾਰਾਂ ਦੀ ਕੋਈ ਵਾਹ ਚਲਦੀ ਨਜ਼ਰ ਨਹੀ ਆ ਰਹੀ। ਉਨਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਸਰਕਾਰ ਸਰਬਸੰਮਤੀ ਦੇ ਨਾਮ 'ਤੇ ਇਨਾਂ ਧਨਾਢ ਲੋਕਾਂ ਵਲੋਂ ਕੀਤੀ ਜਾ ਉਲੰਘਣਾ ਦੇ ਵਿਰੁੱਧ ਕੋਈ ਕਾਰਵਾਈ ਕਿਉਂ ਨਹੀਂ ਕਰ ਰਹੀ। ਉਨਾਂ ਕਿਹਾ ਕਿ ਜੇਕਰ ਇਸੇ ਤਰਾਂ ਪਿੰਡਾਂ ਦੀ ਵਿਚ ਪੈਸੇ ਦੇ ਜੋਰ 'ਤੇ ਲੋਕ ਸਰਪੰਚ ਬਣਨਗੇ ਤਾਂ ਫਿਰ ਲੋਕਤੰਤਰ ਦਾ ਕੀ ਬਣੇਗਾ।

ਰੋਜ਼ਾਨਾ ਲੋਕ ਬਾਣੀ
www.lokbani

# ਲਖੀਮਪੁਰ ਖੀਰੀ ਦੀ ਘਟਨਾ ਦੀ ਯਾਦ ਵਿੱਚ ਤਿੰਨ ਅਕਤੂਬਰ ਨੂੰ ਸਾੜੇ ਜਾਣਗੇ ਪ੍ਰਧਾਨ ਮੰਤਰੀ ਮੋਦੀ ਦੇ ਅਤੇ ਅਜੇ ਮਿਸ਼ਰਾ ਟਹਿਣੀ ਦੇ ਪੁੱਤਲੇ

ਗੁਰਦਾਸਪੁਰ -ਨਵਨੀਤ ਕੁਮਾਰ -ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਮੱਖਣ ਸਿੰਘ ਕੁਹਾੜ ਸੁਖਦੇਵ ਸਿੰਘ ਭਾਗੋਕਾਵਾਂ ਗੁਰਵਿੰਦਰ ਸਿੰਘ ਅਤੇ ਮੰਗਤ ਸਿੰਘ ਜੀਵਨ ਚੱਕ ਤ੍ਰਲੋਕ ਸਿੰਘ ਬਹਿਰਾਮਪੁਰ ਰਾਜ ਗੁਰਵਿੰਦਰ ਸਿੰਘ ਲਾਡੀ ਘੁਮਾਣ ਸੁਰਿੰਦਰ ਸਿੰਘ ਕੋਠੇ ਜਗੀਰ ਸਿੰਘ ਸਲਾਚ ਬਲਬੀਰ ਸਿੰਘ ਬੈਂਸ ਗੁਰਦੀਪ ਸਿੰਘ ਮੁਸਤਫਾਬਾਦ ਹਰਜੀਤ ਸਿੰਘ ਕਲਾਨੌਰ ਸਤਬੀਰ ਸਿੰਘ ਸੁਲਤਾਨ ਅਸ਼ਵਨੀ ਕੁਮਾਰ ਲਖਨ ਕਲਾਂ ਆਦਿ ਨੇ ਆਖਿਆ ਕਿ ਤਿੰਨ ਅਕਤੂਬਰ 2021 ਦੀ ਘਟਨਾ ਜਿਸ ਵਿੱਚ ਕੇਂਦਰੀ ਮੰਤਰੀ ਅਜੇ ਮਿਸ਼ਰਾ ਟਹਿਣੀ ਦੇ ਪੁੱਤਰ ਅਸ਼ੀਸ਼ ਮਿਸ਼ਰਾ ਨੇ ਪੁਰ ਅਮਨ ਮੁਜ਼ਾਹਰਾ ਕਰਕੇ ਘਰ ਨੂੰ ਵਾਪਿਸ ਆ ਰਹੇ ਕਿਸਾਨਾਂ ਉੱਪਰ ਥਾਰ ਗੱਡੀ ਚਾੜ ਕੇ ਇੱਕ ਪੱਤਰਕਾਰ ਅਤੇ ਸੱਤ ਕਿਸਾਨ ਸ਼ਹੀਦ ਕਰ ਦਿੱਤੇ ਸਨ ਉਹਨਾਂ ਦੀ ਯਾਦ ਵਿੱਚ ਤਿੰਨ ਅਕਤੂਬਰ ਨੂੰ ਹਰ ਕਸਬੇ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਵੱਲੋਂ ਕਿਸਾਨ ਮਜ਼ਦੂਰ ਮਿਲ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਜੇ ਮਿਸ਼ਰਾ ਟੈਣੀ ਦੇ ਪੁਤਲੇ ਸਾੜਨਗੇ ਗੁਰਦਾਸਪੁਰ ਤਹਸੀਲ ਵੱਲੋਂ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਇਕੱਤਰ ਹੋ ਕੇ 11 ਵਜੇ ਕਿਸਾਨ ਮਜ਼ਦੂਰ ਇਹ ਪੁਤਲੇ ਸਾੜਨਗੇ ਇਸੇ ਤਰਾਂ ਵੱਖ-ਵੱਖ ਥਾਵਾਂ ਤੇ ਵੱਖਰੇ ਵੱਖਰੇ ਪ੍ਰੋਗਰਾਮ ਤੇ ਥਾਵਾਂ ਮੁਤਾਬਿਕ ਇਹ ਪੁਤਲਾ ਸਾੜ ਮੁਜਾਹਰੇ ਲਾਮ ਬੰਦ ਕੀਤੇ ਜਾਣਗੇ

ਰੋਜ਼ਾਨਾ ਲੋਕ ਬਾਣੀ
www.lokbani

# ਸਿੱਖਿਆ ਰਾਹੀਂ ਸਮਾਜ ਨੂੰ ਦਿਸ਼ਾ ਦੇਣ ਦਾ ਕੰਮ ਕਰਦੇ ਹਨ ਅਧਿਆਪਕ : ਲਾਇਨ ਗੁਰਦੀਪ ਸਿੰਘ ਕੰਗ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਫਗਵਾੜਾ ਵਿਖੇ ਅੰਤਰਰਾਸ਼ਟਰੀ ਅਧਿਆਪਕ ਦਿਵਸ ਮੌਕੇ ਇਕ ਸਨਮਾਨ ਸਮਾਗਮ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਦੀ ਪ੍ਰਧਾਨਗੀ ਸਕੂਲ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਕੀਤੀ ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਲੱਬ ਵਲੋਂ ਸਕੂਲ ਦੇ ਪੰਜ ਅਧਿਆਪਕਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਲਈ ਸਨਮਾਨਿਤ ਕੀਤਾ ਗਿਆ। ਸਨਮਾਨਿਤ ਅਧਿਆਪਕਾਂ ਵਿੱਚ ਸੋਸ਼ਲ ਸਟੱਡੀਜ਼ ਮਿਸਟਰੈਸ ਅਨੀਤਾ ਕੁਮਾਰੀ ਸੋਮਰਾ, ਸਾਇੰਸ ਮਿਸਟਰੈਸ ਰਵਨੀਤ ਕੌਰ ਸਿੱਧੂ, ਐਸ.ਸੀ.ਆਈ. ਮਿਸਟਰੈਸ ਸ਼ਿਲਪਾ ਪੁੰਜ ਤੋਂ ਇਲਾਵਾ ਪੰਜਾਬੀ ਮਿਸਟਰੈਸ ਗੁਰਪ੍ਰੀਤ ਕੌਰ ਅਤੇ ਪੰਜਾਬੀ ਮਿਸਟਰੈਸ ਕੁਲਜੀਤ ਕੌਰ ਸ਼ਾਮਲ ਹਨ। ਜਿਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸ਼ੁੱ ਇੱਛਾਵਾਂ ਦਿੱਤੀਆਂ ਗਈਆਂ ਲਾਇਨ ਗੁਰਦੀਪ ਸਿੰਘ ਕੰਗ ਨੇ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਹੀ ਸਮਾਜ ਨੂੰ ਸੇਧ ਦਿੰਦੇ ਹਨ। ਉਹਨਾਂ ਦਾ ਹਮੇਸ਼ਾ ਸਤਿਕਾਰ ਹੋਣਾ ਚਾਹੀਦਾ ਹੈ। ਕੋਈ ਵਿਅਕਤੀ ਭਾਵੇਂ ਕਿੰਨੇ ਵੀ ਉੱਚੇ ਅਹੁਦੇ 'ਤੇ ਪਹੁੰਚ ਜਾਵੇ, ਉਸ ਦੀ ਸਫ਼ਲਤਾ ਵਿੱਚ ਅਧਿਆਪਕ ਵਿਸ਼ੇਸ਼ ਭੂਮਿਕਾ ਨਿਭਾਉਂਦੇ ਹਨ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਮੁੱਖ ਮਹਿਮਾਨ ਲਾਇਨ ਗੁਰਦੀਪ ਸਿੰਘ ਕੰਗ ਨੂੰ ਦੁਸ਼ਾਲਾ ਭੇਂਟ ਕਰਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਅਧਿਆਪਕਾਂ ਦਾ ਸਤਿਕਾਰ ਹਮੇਸ਼ਾ ਹੀ ਉਨ੍ਹਾਂ ਨੂੰ ਲਗਨ ਦੇ ਨਾਲ ਡਿਊਟੀ ਪ੍ਰਤੀ ਉਤਸ਼ਾਹਿਤ ਕਰਦਾ ਹੈ। ਇਸ ਪ੍ਰੋਜੈਕਟ ਦੇ ਡਾਇਰੈਕਟਰ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ ਅਤੇ ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭਮਰਾ ਸਨ। ਕਲੱਬ ਦੇ ਕੈਸ਼ੀਅਰ ਲਾਇਨ ਅਜੇ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਨਵੀਂ ਬਣੀ ਕਲੱਬ ਦਾ ਇਹ ਚੌਥਾ ਪ੍ਰੋਜੈਕਟ ਹੈ। ਉਹਨਾਂ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਡਿਸਟ੍ਰਿਕਟ ਚੇਅਰਮੈਨ (ਜੀ.ਐਸ.ਟੀ.) ਨੇ ਜਾਣੇ-ਪਛਾਣੇ ਅੰਦਾਜ਼ ਵਿੱਚ ਕੀਤਾ। ਇਸ ਮੌਕੇ ਲਾਇਨ ਸੁਮਿਤ ਭੰਡਾਰੀ, ਲਾਇਨ ਸ਼ਸ਼ੀ ਕਾਲੀਆ, ਲਾਇਨ ਸਾਰੰਗ ਨਿਸਚਲ, ਲਾਇਨ ਮਨੋਜ ਕੁਮਾਰ, ਲਾਇਨ ਵਿੱਕੀ ਚੁੰਬਰ ਤੋਂ ਇਲਾਵਾ ਸਕੂਲ ਸਟਾਫ ਦੀਪਕ ਸਹਿਗਲ, ਸਤਨਾਮ ਸਿੰਘ, ਦੇਸਰਾਜ, ਸ਼ਰੂਤੀ ਦੁੱਗਲ ਆਦਿ ਹਾਜਰ ਸਨ

ਰੋਜ਼ਾਨਾ ਲੋਕ ਬਾਣੀ
www.lokbani


# ਆਜਾਦ ਫੋਟੋਗ੍ਰਾਫਰ ਕਲੱਬ ਫਗਵਾੜਾ ਨੇ ਲਗਾਇਆ ਖ਼ੂਨ ਜਾਂਚ ਕੈਂਪ

## ਸਾਂਈ ਪੱਪਲ ਸ਼ਾਹ ਭਰੋਮਜਾਰਾ ਨੇ ਕਰਵਾਇਆ ਕੈਂਪ ਦਾ ਉਦਘਾਟਨ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਆਜਾਦ ਫੋਟੋਗ੍ਰਾਫਰਜ ਕਲੱਬ ਫਗਵਾੜਾ ਵਲੋਂ ਪਹਿਲਾ ਖ਼ੂਨ ਜਾਂਚ ਕੈਂਪ ਹਾਂਡਾ ਮਾਰਕਿਟ ਫਗਵਾੜਾ ਵਿਖੇ ਲਗਾਇਆ ਗਿਆ। ਕਲੱਬ ਦੇ ਪ੍ਰਧਾਨ ਅਸ਼ੋਕ ਗੋਬਿੰਦਪੁਰੀ ਦੀ ਅਗਵਾਈ ਵਿਚ ਅੰਸ਼ ਲੈਬ ਫਗਵਾੜਾ ਦੇ ਸਹਿਯੋਗ ਨਾਲ ਲਗਾਏ ਇਸ ਕੈਂਪ ਦਾ ਉਦਘਾਟਨ ਸੂਫੀਆਨਾ ਪ੍ਰਬੰਧਕ ਕਮੇਟੀ ਪੰਜਾਬ ਦੇ ਪ੍ਰਧਾਨ ਸਾਂਈ ਪੱਪਲ ਸ਼ਾਹ ਭਰੋਮਜਾਰਾ ਨੇ ਕੀਤਾ। ਉਹਨਾਂ ਸਮੂਹ ਹਾਜਰੀਨ ਨੂੰ ਅਸ਼ੀਰਵਾਦ ਦਿੰਦਿਆਂ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਆਪਣੀ ਖੁਰਾਕ ਬਾਰੇ ਸੁਚੇਤ ਰਹਿਣਾ ਚਾਹੀਦਾ ਹੈ ਅਤੇ ਮੌਸਮੀ ਹਰੀਆਂ ਸਬਜੀਆਂ ਤੇ ਫਲਾਂ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਦੌਰਾਨ ਰੈੱਡ ਕਲਿਫ ਲੈਬ ਲੁਧਿਆਣਾ ਤੋਂ ਪਹੁੰਚੀ ਟੀਮ ਦੇ ਮੈਂਬਰਾਂ ਮਨੋਜ ਕੁਮਾਰ, ਅਮਨਦੀਪ ਸਿੰਘ ਅਤੇ ਨੀਤੂ ਵਲੋਂ 30 ਲੋੜਵੰਦਾਂ ਦੇ ਖ਼ੂਨ ਦੇ ਸੈਂਪਲ ਲੈ ਕੇ ਜਾਂਚ ਕੀਤੀ ਗਈ। ਲੋੜਵੰਦਾਂ ਨੂੰ ਡਾਕਟਰੀ ਸਹਾਇਤਾ ਸਬੰਧੀ ਸਲਾਹ ਵੀ ਦਿੱਤੀ ਗਈ। ਅਖੀਰ ਵਿਚ ਕਲੱਬ ਦੇ ਪ੍ਰਧਾਨ ਅਸ਼ੋਕ ਗੋਬਿੰਦਪੁਰੀ ਨੇ ਸਾਂਈ ਪੱਪਲ ਸ਼ਾਹ ਭਰੋਮਜਾਰਾ, ਸਮੂਹ ਸਹਿਯੋਗੀਆਂ ਅਤੇ ਰੈੱਡ ਕਲਿਫ ਲੁਧਿਆਣਾ ਦੀ ਟੀਮ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਾਹਿਲ, ਬੈਨੀ ਪਲਾਹੀ, ਰਾਜੂ ਲੱਖਪੁਰ, ਅਮਿਤ ਹਦੀਆਬਾਦ, ਅਸ਼ੋਕ, ਦੀਪਕ, ਰੂਬੀ ਫਰਾਲਾ, ਹੈੱਪੀ ਘੁੰਮਣਾ, ਹੈੱਪੀ ਭਾਣੋਕੀ, ਗਨੀ ਸਾਗਰ, ਗਗਨ ਚੰਚਲ ਆਦਿ ਹਾਜਰ ਸਨ

# ਖੇਲੋ ਇੰਡੀਆ ਜੂਨੀਅਰ ਵੋਮੈਨ ਨੈਸ਼ਨਲ ਲੀਗਲ ਵਿਚ ਸਿਲਵਰ ਮੈਡਲ ਜੇਤੂ ਹਰ ਪੁਨੀਤ ਕੌਰ ਨੂੰ ਕੀਤਾ ਸਨਮਾਨਿਤ




ਗੁਰਦਾਸਪੁਰ -ਨਵਨੀਤ ਕੁਮਾਰ - ਧੰਨਦੇਈ ਡੀ ਏ ਵੀ ਸਕੂਲ ਗੁਰਦਾਸਪੁਰ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਹਰਪੁਨੀਤ ਕੌਰ ਨੇ ਆਪਣੀ ਉਮਰ ਤੋਂ ਵੱਧ ਵਰਗ ਵਿੱਚ ਖੇਡਦੇ ਹੋਏ ਅੰਡਰ 21 ਸਾਲ ਜੂਨੀਅਰ ਵਰਗ ਵਿੱਚ ਤਿਰਸੂਰ ਕੇਰਲਾ ਸਿਲਵਰ ਮੈਡਲ ਜਿੱਤ ਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਸ ਟੂਰਨਾਮੈਂਟ ਵਿੱਚ ਦੇਸ਼ ਦੇ ਵੱਖ ਵੱਖ ਚਾਰ ਜੋਨਾ ਦੀਆਂ ਸਰਬ ਸ੍ਰੇਸ਼ਟ 16 ਲੜਕੀਆਂ ਨੇ ਭਾਗ ਲਿਆ ਹੈ। ਹਰ ਪੁਨੀਤ ਕੌਰ ਨੇ ਜਿਥੇ ਸਿਲਵਰ ਮੈਡਲ ਜਿੱਤਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ ਉਥੇ ਉਸ ਨੇ ਭਾਰਤ ਸਰਕਾਰ ਵੱਲੋਂ ਉਦਘੋਸਿਤ 15000 ਰੁਪਏ ਇਨਾਮੀ ਰਾਸ਼ੀ ਅਤੇ ਇੱਕ ਟਰਾਫੀ ਵੀ ਪ੍ਰਾਪਤ ਕੀਤੀ ਹੈ। 90 ਕਿਲੋ ਭਾਰ ਵਰਗ ਦੀ ਹਰਪੁਨੀਤ +78 ਕਿਲੋ ਭਾਰ ਵਰਗ ਵਿੱਚ ਖੇਡਦੀ ਹੈ।ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਪੁੱਜਣ ਹਰ ਪੁਨੀਤ ਕੌਰ ਨੂੰ ਜੂਡੋਕਾ ਵੈਲਫੇਅਰ ਸੁਸਾਇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਅਮਰਜੀਤ ਸ਼ਾਸਤਰੀ ਨੇ ਮੈਡਲ ਜੇਤੂ ਖਿਡਾਰਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਸ ਦੀ ਪਹਿਲੀ ਪ੍ਰਾਪਤੀ ਹੈ ਕਿਉਂਕਿ ਗੁਰਦਾਸਪੁਰ ਸ਼ਹਿਰ ਵਿੱਚ ਲੜਕੀਆਂ ਦਾ ਜੂਡੋ ਸੈਂਟਰ 2010 ਤੋਂ ਬੰਦ ਪਿਆ ਸੀ। ਇਸ ਲਈ ਹਰ ਪੁਨੀਤ ਕੌਰ ਨੇ ਪਹਿਲੀ ਵਾਰ ਮੈਡਲ ਜਿੱਤ ਕੇ ਗੁਰਦਾਸਪੁਰ ਦੀਆਂ ਲੜਕੀਆਂ ਲਈ ਪ੍ਰੇਰਨਾ ਸਰੋਤ ਬਣੀ ਹੈ। ਜੂਡੋ ਕੋਚ ਰਵੀ ਕੁਮਾਰ ਅਨੁਸਾਰ ਪੁਨੀਤ ਕੌਰ ਵਿੱਚ ਉਹ ਸਾਰੀਆਂ ਸੰਭਾਵਨਾਵਾਂ ਹਨ ਜੋ ਭਵਿੱਖ ਦੇ ਚੈਂਪੀਅਨ ਵਿਚ ਹੁੰਦੀਆਂ ਹਨ। ਸਾਬਕਾ ਜੂਡੋ ਖਿਡਾਰਣ ਮੈਡਮ ਬਲਵਿੰਦਰ ਕੌਰ ਦੀ ਇਹ ਬੇਟੀ ਆਪਣੀ ਮਾਂ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਚਾਰ ਘੰਟੇ ਲਗਾਤਾਰ ਪਰੈਕਟਿਸ ਕਰਦੀ ਹੈ। ਜੂਡੋ ਸੈਂਟਰ ਵਿਖੇ ਖਿਡਾਰੀਆਂ ਤੋਂ ਇਲਾਵਾ ਸਤੀਸ਼ ਕੁਮਾਰ, ਇੰਸਪੈਕਟਰ ਕਪਿਲ ਕੌਂਸਲ, ਇੰਸਪੈਕਟਰ ਰਾਜ ਕੁਮਾਰ, ਇੰਸਪੈਕਟਰ ਸਾਹਿਲ ਪਠਾਣੀਆਂ, ਦਿਨੇਸ਼ ਕੁਮਾਰ ਜੂਡੋ ਕੋਚ ਅਤੁਲ ਕੁਮਾਰ ਨੇ ਵਧਾਈ ਦਿੱਤੀ ਹੈ।

# ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ, ਸ੍ਰੀ ਰਜਿੰਦਰ ਅਗਰਵਾਲ ਵਲੋਂ ਰੈੱਡ ਕਰਾਸ, ਨਸ਼ਾ ਛੁਡਾਊ ਕੇਂਦਰ ਗੁਰਦਾਸਪੁਰ ਦਾ ਦੌਰਾ




ਗੁਰਦਾਸਪੁਰ-ਨਵਨੀਤ ਕੁਮਾਰ -
ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਵਲੋਂ ਰੈੱਡ ਕਰਾਸ, ਨਸ਼ਾ ਛੁਡਾਊ ਕੇਂਦਰ ਗੁਰਦਾਸਪੁਰ ਦਾ ਦੌਰਾ ਕਰਕੇ ਕੇਂਦਰ ਦੇ ਕੰਮਕਾਜ ਦਾ ਜਾਇਜ਼ਾ ਲਿਆ ਗਿਆ ਅਤੇ ਇੱਥੇ ਇਲਾਜ ਕਰਵਾ ਰਹੇ ਨੌਜਵਾਨਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸੀ.ਜੇ.ਐਮ-ਕਮ-ਡੀ.ਐਲ.ਐਸ.ਏ, ਸ੍ਰੀਮਤੀ ਰਮਨੀਤ ਕੌਰ ਅਤੇ ਸੀ.ਜੇ.ਐਮ ਸ੍ਰੀ. ਆਰਪੀਐਸ ਚੀਮਾ ਅਤੇ ਰੋਮੇਸ਼ ਮਹਾਜਨ, ਨੈਸ਼ਨਲ ਐਵਾਰਡੀ ਪ੍ਰੋਜੈਕਟ ਡਾਇਰੈਕਟਰ ਵੀ ਮੌਜੂਦ ਸਨ। ਉਨ੍ਹਾਂ ਇਲਾਜ ਕਰਵਾ ਰਹੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਦੁੱਖ-ਤਕਲੀਫ਼ਾਂ ਸੁਣੀਆਂ। ਸ੍ਰੀ ਰੋਮੇਸ਼ ਮਹਾਜਨ, ਨੈਸ਼ਨਲ ਐਵਾਰਡੀ ਪ੍ਰੋਜੈਕਟ ਡਾਇਰੈਕਟਰ ♣3-9♣31 ਵਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਇਸ ਕੇਂਦਰ ਦੇ ਕੰਮਕਾਜ ਬਾਰੇ ਦੱਸਿਆ। ਮਾਣਯੋਗ, ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਨੌਜਵਾਨਾਂ ਨੂੰ ਇਸ ਨਸ਼ੇ ਤੋਂ ਛੁਟਕਾਰਾ ਪਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਵਿਜ਼ਟਰ ਬੁੱਕ ਵਿੱਚ ਸ਼ਾਨਦਾਰ ਟਿੱਪਣੀਆਂ ਵੀ ਦਿੱਤੀਆਂ। ਜਿਵੇਂ ਕਿ: ਨਸ਼ਾ ਸਿਰਫ਼ ਪੀੜਤ ਲਈ ਹੀ ਨਹੀਂ ਬਲਕਿ ਉਸਦੇ ਪਰਿਵਾਰ, ਸਮਾਜ ਅਤੇ ਦੇਸ਼ ਲਈ ਵੀ ਨੁਕਸਾਨਦੇਹ ਹੈ। ਸ੍ਰੀ ਰੋਮੇਸ਼ ਮਹਾਜਨ ਅਤੇ ਉਨ੍ਹਾਂ ਦੀ ਟੀਮ ਨਸ਼ੇ ਦੇ ਸ਼ਿਕਾਰ ਲੋਕਾਂ ਨੂੰ ਉਸਾਰੂ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਕੇ ਇੱਕ ਮਹਾਨ ਸੇਵਾ ਕਰ ਰਹੀ ਹੈ। ਉਹ ਪੂਰੀ ਲਗਨ ਨਾਲ ਕੰਮ ਕਰ ਰਹੇ ਹਨ ਅਤੇ ਪੀੜਤਾਂ ਨੂੰ ਦਿਲਾਸਾ ਅਤੇ ਹਮਦਰਦੀ ਦੇ ਰਹੇ ਹਨ। ਇਸ ਕੇਂਦਰ ਤੋਂ ਉਨ੍ਹਾਂ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪ੍ਰੋਗਰਾਮ ਨਸ਼ਾ ਮੁਕਤੀ - ਮਨੁੱਖਤਾ ਨੂੰ ਨੁਕਸਾਨ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ। ਇਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਨੌਜਵਾਨਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਨਿਆਂਪਾਲਿਕਾ ਦੇ ਰਾਜਦੂਤ ਬਣਨ ਲਈ ਪਹਿਲਾਂ ਆਪਣੇ ਘਰਾਂ ਅਤੇ ਫਿਰ ਆਪਣੇ ਮੁਹੱਲੇ/ਕਲੋਨੀਆਂ ਵਿੱਚ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮੁਹਿੰਮ ਤਹਿਤ ਨਿਆਂਪਾਲਿਕਾ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ/ਐਨ.ਜੀ.ਓਜ਼ ਦੇ ਸਹਿਯੋਗ ਨਾਲ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਵੱਖ-ਵੱਖ ਸੈਮੀਨਾਰ ਕਰਵਾਏ ਜਾਣਗੇ। ਉਨ੍ਹਾਂ ਮਰੀਜ਼ਾਂ ਦੇ ਸਫਲ ਇਲਾਜ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਮਰੀਜ਼ ਉਨ੍ਹਾਂ ਦੇ ਦੌਰੇ ਤੋਂ ਪ੍ਰੇਰਿਤ ਹੋਏ ਅਤੇ ਮੁੱਖ ਧਾਰਾ ਵਿੱਚ ਸ਼ਾਮਲ ਹੋਣ ਦਾ ਵਾਅਦਾ ਕੀਤਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਡਰੱਗ ਕੰਟਰੋਲਰ ਅਧਿਕਾਰੀ ਬਬਲੀਨ ਕੌਰ ਨੇ ਦੁਕਾਨਾਂ ਦੀ ਕੀਤੀ ਚੈਕਿੰਗ



ਅੰਮ੍ਰਿਤਸਰ (ਲੋਕ ਬਾਣੀ) – ਪੰਜਾਬ ਸਰਕਾਰ ਦੇ ਆਦੇਸ਼ਾਂ ਅਤੇ ਅਸਿਸਟੈਂਟ ਕਮਿਸ਼ਨਰ ਡਰੱਗ ਅਮਿਤ ਦੁੱਗਲ ਦੇ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਡਰੱਗ ਕੰਟਰੋਲਰ ਅਧਿਕਾਰੀ ਅੰਮ੍ਰਿਤਸਰ ਟੂ ਬਬਲੀਨ ਕੌਰ ਵੱਲੋਂ ਕਟਰਾ ਸ਼ੇਰ ਸਿੰਘ ਅੰਮ੍ਰਿਤਸਰ ਸਥਿਤ ਦਵਾਈਆਂ ਦੀ ਮਾਰਕੀਟ ਵਿਖੇ ਕਈ ਦੁਕਾਨਾਂ ਤੇ ਜਾ ਕੇ ਚੈਕਿੰਗ ਕੀਤੀ ਗਈ। ਬਬਲੀਨ ਕੌਰ ਨੇ ਦੱਸਿਆ ਕਿ ਓਮ ਇੰਟਰਪ੍ਰਾਈਜਜ ਦੀ ਦੁਕਾਨ ਤੇ 16 ਤਰਾਂ ਦੀਆਂ ਦਵਾਈਆਂ ਦਾ ਪਰਚੇਜ ਰਿਕਾਰਡ ਨਹੀਂ ਪਾਇਆ ਗਿਆ ਇਹਨਾਂ ਦਵਾਈਆਂ ਦੀ ਕੀਮਤ ਕਰੀਬ 96 ਹਜ਼ਾਰ ਬਣਦੀ ਹੈ। ਡਿਵਾਈਨ ਫਾਰਮਾਸਿਟੀਕਲ ਵਿਖੇ ਵੀ ਦਵਾਈਆਂ ਦਾ ਪ੍ਰਚੇਜ ਰਿਕਾਰਡ ਨਹੀਂ ਪਾਇਆ ਗਿਆ ਇਹਨਾਂ ਦਵਾਈਆਂ ਤੇ ਕੀਮਤ 79 ਹਜ਼ਾਰ 800 ਰੁਪਏ ਬਣਦੀ ਹੈ। ਦਵਾਈਆਂ ਦਾ ਪ੍ਰਚੇਜ ਬਿੱਲ ਨਾ ਦਿਖਾਉਣ ਵਾਲਿਆਂ ਤੋਂ ਇਲਾਵਾ ਵੀ ਕਰੀਬ ਤਿੰਨ ਚਾਰ ਹੋਰ ਦਵਾਈਆਂ ਦੇ ਦੁਕਾਨਾਂ ਤੇ ਕਮੀਆਂ ਪਾਈਆਂ ਗਈਆਂ ਜਿਸ ਸਬੰਧੀ ਉੱਚ ਅਧਿਕਾਰੀਆਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਕਾਰਵਾਈ ਦੌਰਾਨ ਕਰਮਚਾਰੀ ਚੇਤਨ ਸੌਂਧੀ,ਨਰੇਸ਼ ਕੁਮਾਰ ਵੀ ਮੌਜੂਦ ਸਨ

ਰੋਜ਼ਾਨਾ ਲੋਕ ਬਾਣੀ
www.lokbani

# ਬੰਗਲਾਦੇਸ਼ ਨੂੰ ਕਾਨਪੁਰ ਚ ਭਾਰਤੀ ਯੋਧਿਆਂ ਤੋਂ ਹਾਰ, ਭਾਰਤ ਨੇ 7 ਵਿਕਟਾਂ ਨਾਲ ਹਰਾ ਕੇ ਸੀਰੀਜ਼ 2-0 ਨਾਲ ਜਿੱਤ ਲਈ



ਕਾਨਪੁਰ (ਸੁਨੀਲ ਬਾਜਪਾਈ) ਅੱਜ ਮੰਗਲਵਾਰ ਨੂੰ ਖੇਡ ਪ੍ਰੇਮੀਆਂ ਦੀ ਭਾਰੀ ਭੀੜ ਵਿਚਾਲੇ ਭਾਰਤ ਦੇ ਯੋਧਿਆਂ ਨੇ ਇੱਥੇ ਗ੍ਰੀਨ ਪਾਰਕ ਮੈਦਾਨ ਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਨਪੁਰ ਟੈਸਟ ਚ ਬੰਗਲਾਦੇਸ਼ ਨੂੰ 7 ਵਿਕਟਾਂ ਨਾਲ ਹਰਾ ਦਿੱਤਾ ਹੈ। ਇਸ ਨੇ ਦੋ ਮੈਚਾਂ ਦੀ ਟੈਸਟ ਸੀਰੀਜ਼ 2-0 ਨਾਲ ਜਿੱਤ ਲਈ ਹੈ। ਟੀਮ ਇੰਡੀਆ ਦੇ ਸਾਹਮਣੇ 95 ਦੌੜਾਂ ਦਾ ਟੀਚਾ ਸੀ, ਜਿਸ ਨੂੰ ਰੋਹਿਤ ਐਂਡ ਕੰਪਨੀ ਨੇ ਤਿੰਨ ਵਿਕਟਾਂ ਗੁਆ ਕੇ ਹਾਸਲ ਕਰ ਲਿਆ। ਵਿਰਾਟ ਕੋਹਲੀ 29 ਦੌੜਾਂ ਬਣਾ ਕੇ ਨਾਬਾਦ ਰਹੇ ਅਤੇ ਰਿਸ਼ਭ ਪੰਤ ਚਾਰ ਦੌੜਾਂ ਬਣਾ ਕੇ ਨਾਬਾਦ ਰਹੇ। ਰੋਹਿਤ ਸ਼ਰਮਾ ਅੱਠ ਦੌੜਾਂ, ਸ਼ੁਭਮਨ ਗਿੱਲ ਛੇ ਦੌੜਾਂ ਬਣਾ ਕੇ ਅਤੇ ਯਸ਼ਸਵੀ ਜੈਸਵਾਲ 51 ਦੌੜਾਂ ਬਣਾ ਕੇ ਆਊਟ ਹੋਏ। ਵਿਰਾਟ ਅਤੇ ਯਸ਼ਸਵੀ ਵਿਚਾਲੇ ਤੀਜੇ ਵਿਕਟ ਲਈ 58 ਦੌੜਾਂ ਦੀ ਸਾਂਝੇਦਾਰੀ ਹੋਈ। ਬੰਗਲਾਦੇਸ਼ ਲਈ ਮੇਹਦੀ ਹਸਨ ਮਿਰਾਜ ਨੇ ਦੋ ਵਿਕਟਾਂ ਲਈਆਂ, ਜਦਕਿ ਤਾਇਜੁਲ ਇਸਲਾਮ ਨੇ ਇਕ ਵਿਕਟ ਹਾਸਲ ਕੀਤੀ। ਯਸ਼ਸਵੀ ਨੇ ਆਪਣੀ ਪਾਰੀ ਵਿੱਚ ਅੱਠ ਚੌਕੇ ਅਤੇ ਇੱਕ ਛੱਕਾ ਲਗਾਇਆ।

ਵਨਡੇ ਵਾਂਗ ਹੀ ਇਸ ਟੈਸਟ ਮੈਚ ਵਿੱਚ 26 ਹਜ਼ਾਰ ਦਰਸ਼ਕਾਂ ਦੀ ਸਮਰੱਥਾ ਵਾਲਾ ਸਟੇਡੀਅਮ ਖਚਾਖਚ ਭਰਿਆ ਹੋਇਆ ਸੀ। ਇੱਥੇ ਪੈਰ ਰੱਖਣ ਲਈ ਵੀ ਥਾਂ ਦੀ ਘਾਟ ਸੀ।

ਅੱਜ ਮੈਚ ਦੇ ਆਖ਼ਰੀ ਪਲਾਂ ਚ ਦਰਸ਼ਕ ਹਰ ਗੇਂਦ ਤੇ ਤਾੜੀਆਂ ਮਾਰਦੇ ਦੇਖੇ ਗਏ। ਸੀਮਾ ਤੇ ਪਹੁੰਚਣ ਤੇ ਡਾਂਸ ਅਤੇ ਜ਼ੋਰਦਾਰ ਨਾਅਰੇਬਾਜ਼ੀ ਹੋ ਰਹੀ ਸੀ। ਇਸ ਦੌਰਾਨ ਕੁਝ ਆਪਣੀ ਗੱਲ੍ਹਾਂ ਤੇ ਤਿਰੰਗੇ ਦੇ ਟੈਟੂ ਅਤੇ ਕੁਝ ਆਪਣੀ ਛਾਤੀ ਤੇ ਖਿਡਾਰੀਆਂ ਦੇ ਟੈਟੂ ਲੈ ਕੇ ਪਹੁੰਚੇ ਸਨ। ਜਦੋਂ ਭਾਰਤ ਨੇ ਮੈਚ ਜਿੱਤਿਆ ਤਾਂ ਦਰਸ਼ਕ ਖੜ੍ਹੇ ਹੋ ਗਏ। ਭਾਰਤ ਮਾਤਾ ਦੀ ਜੈ ਦੇ ਨਾਅਰੇ ਲਾਏ ਗਏ।

ਆਖਰੀ ਦਿਨ ਮੰਗਲਵਾਰ ਨੂੰ ਸਟੇਡੀਅਮ ਦੇ ਬਾਹਰ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਇੱਥੇ ਵੱਖ-ਵੱਖ ਥਾਵਾਂ ਤੇ ਏਟੀਐਸ ਕਮਾਂਡੋ ਤਾਇਨਾਤ ਕੀਤੇ ਗਏ ਸਨ।

ਯਾਦ ਰਹੇ ਕਿ ਮੰਗਲਵਾਰ ਨੂੰ ਮੀਂਹ ਨਾਲ ਪ੍ਰਭਾਵਿਤ ਮੈਚ ਦੇ ਆਖਰੀ ਦਿਨ ਭਾਰਤ ਨੂੰ 95 ਦੌੜਾਂ ਦਾ ਟੀਚਾ ਮਿਲਿਆ ਸੀ, ਜਿਸ ਨੂੰ ਭਾਰਤੀ ਬੱਲੇਬਾਜ਼ਾਂ ਨੇ 17.2 ਓਵਰਾਂ ਵਿੱਚ ਹਾਸਲ ਕਰ ਲਿਆ।

ਯਸ਼ਸਵੀ ਜੈਸਵਾਲ ਨੇ ਮੈਚ ਵਿੱਚ 51 ਦੌੜਾਂ ਬਣਾਈਆਂ। ਜਦਕਿ ਕੋਹਲੀ 29 ਦੌੜਾਂ ਬਣਾ ਕੇ ਅਜੇਤੂ ਰਹੇ। ਵਿਕਟ ਕੀਪਰ ਰਿਸ਼ਭ ਪੰਤ ਨੇ ਚੌਕਾ ਲਗਾ ਕੇ ਟੀਮ ਨੂੰ ਜਿੱਤ ਦਿਵਾਈ ਅਤੇ ਖੇਡ ਪ੍ਰੇਮੀਆਂ ਨੂੰ ਖੁਸ਼ ਕਰ ਦਿੱਤਾ। ਅੱਜ ਆਖਰੀ ਦਿਨ ਦੇ ਮੈਚ ਵਿੱਚ ਲੰਚ ਤੋਂ ਪਹਿਲਾਂ ਭਾਰਤ ਨੇ ਬੰਗਲਾਦੇਸ਼ ਨੂੰ ਦੂਜੀ ਪਾਰੀ ਵਿੱਚ 146 ਦੌੜਾਂ 'ਤੇ ਆਲ ਆਊਟ ਕਰ ਦਿੱਤਾ। ਬੰਗਲਾਦੇਸ਼ ਦੀ ਟੀਮ ਨੇ ਦਿਨ ਦੀ ਸ਼ੁਰੂਆਤ 26/2 ਦੇ ਸਕੋਰ ਨਾਲ ਕੀਤੀ। ਕੱਲ੍ਹ ਸੋਮਵਾਰ ਨੂੰ ਭਾਰਤ ਨੇ 34.4 ਓਵਰਾਂ ਚ 9 ਵਿਕਟਾਂ ਤੇ 285 ਦੌੜਾਂ ਦੇ ਸਕੋਰ ਤੇ ਪਹਿਲੀ ਪਾਰੀ ਐਲਾਨ ਦਿੱਤੀ।

ਤੁਹਾਨੂੰ ਦੱਸ ਦੇਈਏ ਕਿ ਟੀਮ ਇੰਡੀਆ ਨੇ ਪਹਿਲੀ ਪਾਰੀ ਵਿੱਚ ਬੰਗਲਾਦੇਸ਼ ਨੂੰ 233 ਦੌੜਾਂ ਤੇ ਢੇਰ ਕਰ ਦਿੱਤਾ ਸੀ। ਇਸ ਤੋਂ ਪਹਿਲਾਂ ਖੇਡ ਪ੍ਰੇਮੀ ਕਾਫੀ ਨਿਰਾਸ਼ ਸਨ ਕਿਉਂਕਿ ਤੀਜੇ ਅਤੇ ਦੂਜੇ ਦਿਨ ਦਾ ਖੇਡ ਮੀਂਹ ਕਾਰਨ ਰੱਦ ਕਰਨਾ ਪਿਆ ਸੀ ਜਦਕਿ ਪਹਿਲੇ ਦਿਨ ਸਿਰਫ਼ 35 ਓਵਰ ਹੀ ਸੁੱਟੇ ਜਾ ਸਕੇ ਸਨ। ਅਜਿਹੇ ਚ ਮੈਚ ਲਗਭਗ ਡਰਾਅ ਮੰਨਿਆ ਜਾ ਰਿਹਾ ਸੀ ਪਰ ਭਾਰਤੀ ਟੀਮ ਨੇ ਪਿਛਲੇ 2 ਦਿਨਾਂ ਚ ਪੂਰੀ ਤਸਵੀਰ ਪਲਟ ਕੇ ਖੇਡ ਪ੍ਰੇਮੀਆਂ ਨੂੰ ਖੁਸ਼ ਕਰ ਦਿੱਤਾ।

ਰੋਜ਼ਾਨਾ ਲੋਕ ਬਾਣੀ
www.lokbani

# ਸ਼ਾਂਤੀ ਦੇਵੀ ਕਾਲਜ ਦਾ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ



ਦੀਨਾਨਗਰ (ਡਾ.ਰਮੇਸ਼ ਸਰੰਗਲ ) ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ, ਦੀਨਾਨਗਰ ਦੇ ਸ਼ਰੀਰਕ ਸਿਖਿਆ ਵਿਭਾਗ ਨੇ ਖੇਡਾਂ ਵਤਨ ਪੰਜਾਬ ਦੀਆਂ, 2024 ਦੇ ਬੈਨਰ ਹੇਠ ਪ੍ਰਿੰਸੀਪਲ ਸਰਲਾ ਨਿਰੰਕਾਰੀ ਦੀ ਅਗਵਾਈ ਹੇਠ ਅਤੇ ਪ੍ਰੋਫੈਸਰ ਤਲਜਿੰਦਰ ਕੌਰ ਦੇ ਮਾਰਗ ਦਰਸ਼ਨ ਵਿਚ ਵਿਦਿਆਰਥਣਾਂ ਨੇ ਰਾਜ ਪੱਧਰੀ ਸ਼ੂਟਿੰਗ ਪ੍ਰਤੀਯੋਗਤਾ ਅਤੇ ਪਿਸਟਲ ਪ੍ਰਤੀਯੋਗਿਤਾ ਵਿੱਚ ਭਾਗ ਲਿਆ ਅਤੇ ਕਈ ਸਥਾਨ ਹਾਸਲ ਕੀਤੇ। ਇਹ ਪ੍ਰਤੀਯੋਗਿਤਾ ਤੁਗਲਵਾਲ ਵਿੱਚ ਆਯੋਜਿਤ ਕੀਤੀ ਗਈ। ਸ਼ੂਟਿੰਗ ਪ੍ਰਤੀਯੋਗਤਾ ਵਿੱਚ ਸਾਡੀ ਵਿਦਿਆਰਥਣ ਮੁਸਕਾਨ ਅਤੇ ਜਸ਼ਨ ਨੇ ਪਹਿਲਾ, ਨਤਾਸ਼ਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਪਿਸਟਲ ਪ੍ਰਤੀਯੋਗਿਤਾ ਵਿਚ ਸਾਡੀ ਵਿਦਿਆਥਣਾਂ ਰਜਨੀ ਨੇ ਪਹਿਲਾ ਅਤੇ ਰਿਤੂ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸ ਉਪਲੱਬਧੀ ਤੇ ਡਾ. ਸਰਲਾ ਨਿਰੰਕਾਰੀ ਨੇ ਪ੍ਰੋ ਤਲਜਿੰਦਰ ਕੌਰ ਅਤੇ ਹੋਣਹਾਰ ਵਿਦਿਆਥਣਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ।

ਰੋਜ਼ਾਨਾ ਲੋਕ ਬਾਣੀ
www.lokbani

# ਬਾਬਾ ਸ੍ਰੀ ਚੰਦ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ

## ਸਾਨੂੰ ਬਾਬਾ ਸ੍ਰੀ ਚੰਦ ਜੀ ਦੇ ਦਰਸਾਏ ਮਾਰਗ ਤੇ ਚੱਲਣ ਦੀ ਲੋੜ: ਰਾਜਵੰਤ ਸਿੰਘ ਘੁੱਲੀ



ਸ਼ੇਰਪੁਰ, (ਸੱਤਪਾਲ ਸਿੰਘ ਕਾਲਾਬੂਲਾ ) ਉਦਾਸੀਨ ਡੇਰਾ ਸ੍ਰੀ ਚੰਦ ਕਲੇਰਾਂ ਭੋਰਾ ਸਾਹਿਬ ਵੱਲੋਂ ਇਲਾਕੇ ਦੀ ਉਘੀ ਧਾਰਮਿਕ ਸਖਸੀਅਤ ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਦੀ ਅਗਵਾਈ ਵਿਚ ਬਾਬਾ ਸ੍ਰੀ ਚੰਦ ਜੀ ਦੇ ਪ੍ਰਕਾਸ ਉਤਸਵ ਮੌਕੇ ਸਲਾਨਾ ਧਾਰਮਿਕ ਸਮਾਗਮ ਕਰਵਾਏ ਗਏ। ਇਸ ਸਮੇਂ ਸੰਤਾਂ, ਮਹਾਂਪੁਰਸ਼ਾਂ, ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਮੁੱਖ ਮੰਤਰੀ ਦਫਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਵਕਫ ਬੋਰਡ ਪੰਜਾਬ ਦੇ ਮੈਂਬਰ ਡਾ. ਅਨਵਰ ਭਸੌੜ ਵੱਲੋਂ ਵਿਸ਼ੇਸ ਤੌਰ ਤੇ ਸਿਰਕਤ ਕੀਤੀ ਗਈ। ਸੰਗਤਾਂ ਨੂੰ ਸਬੋਧਨ ਕਰਦਿਆਂ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਬਾਬਾ ਸ਼੍ਰੀ ਚੰਦ ਜੀ ਦੇ ਦਿੱਤੇ ਉਪਦੇਸ਼ ਅਨੁਸਾਰ ਚੱਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਫਤਰ ਧੂਰੀ ਵਿਖੇ ਕੋਈ ਵਿਅਕਤੀ ਆਪਣੇ ਨਿੱਜੀ ਜਾਂ ਸਾਂਝੇ ਕੰਮ ਲਈ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ ਤੇ ਹਰ ਇੱਕ ਦਾ ਪੂਰਨ ਤੌਰ ਤੇ ਸਤਿਕਾਰ ਕੀਤਾ ਜਾਵੇਗਾ। ਬਾਬਾ ਜਗਜੀਤ ਸਿੰਘ ਕਲੇਰਾਂ ਵੱਲੋਂ ਸਾਰੀਆਂ ਹੀ ਸਨਮਾਨਯੋਗ ਸਖਸ਼ੀਅਤਾਂ ਦਾ ਵਿਸ਼ੇਸ ਸਨਾਮਨ ਵੀ ਕੀਤਾ ਗਿਆ। ਇਸ ਮੌਕੇ ਮਹੰਤ ਕਾਹਨ ਦਾਸ ਬਾਵਾ, ਮਹੰਤ ਗੋਪਾਲ ਦਾਸ ਹਥਨ, ਕਾਂਗਰਸੀ ਆਗੂ ਸਭਮ ਸਰਮਾਂ ਸ਼ੁਭੀ, ਜੱਥੇਦਾਰ ਨਰਿੰਦਰ ਸਿੰਘ ਕਾਲਬੂਲਾ, ਜੱਥੇਦਾਰ ਹਰਬੰਸ ਸਿੰਘ ਸਲੇਮਪੁਰ, ਜਸਵਿੰਦਰ ਸਿੰਘ ਦੀਦਾਰਗੜ੍ਹ, ਅਮਰੀਕ ਸਿੰਘ ਮਾਨ, ਗੁਰਜੀਤ ਸਿੰਘ ਈਸਾਪੁਰ, ਕੁਲਦੀਪ ਸਿੰਘ ਈਸਾਪੁਰ, ਕਿਸਾਨ ਆਗੂ ਸਮਸ਼ੇਰ ਸਿੰਘ ਈਸਾਪੁਰ ਤੋਂ ਇਲਾਵਾ ਵੱਖ ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਜੰਥੇਬੰਦੀਆਂ ਦੇ ਆਗੂ ਮੌਜੂਦ ਸਨ। ਅੰਤ ਵਿੱਚ ਆਈਆਂ ਸੰਗਤਾਂ ਦਾ ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਨੇ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ
www.lokbani

# ਕਮਲਾ ਨਹਿਰੂ ਕਾਲਜ ਫਾਰ ਵੂਮੈਨ, ਫਗਵਾੜਾ ਵੱਲੋਂ ਬਲੱਡ ਡੋਨੇਸ਼ਨ ਡੇ ਮਨਾਉਂਦੇ ਹੋਏ ਪੋਸਟਰ ਮੇਕਿੰਗ ਅਤੇ ਡਿਕਲੇਮੇਸ਼ਨ ਮੁਕਾਬਲੇ ਦਾ ਆਯੋਜਨ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਕਮਲਾ ਨਹਿਰੂ ਕਾਲਜ ਫਾਰ ਵੂਮੈਨ ਫਗਵਾੜਾ ਦੀ ਪ੍ਰਿੰਸੀਪਲ, ਡਾ. ਸਵਿੰਦਰ ਪਾਲ, ਅਤੇ ਵਾਈਸ ਪ੍ਰਿੰਸੀਪਲ, ਡਾ. ਰੁਮਿੰਦਰ ਕੌਰ ਦੇ ਨੇਤ੍ਰਤਵ ਹੇਠ ਕਾਲਜ ਵੱਲੋਂ 1 ਅਕਤੂਬਰ 2024 ਨੂੰ ਰੈੱਡ ਰਿੱਬਨ ਕਲੱਬ ਅਤੇ ਸਾਇੰਸ ਵਿਭਾਗ ਦੇ ਸਹਿਯੋਗ ਨਾਲ ਬਲੱਡ ਡੋਨੇਸ਼ਨ ਡੇ ਮਨਾਉਂਦੇ ਹੋਏ ਪੋਸਟਰ ਮੇਕਿੰਗ ਅਤੇ ਡਿਕਲੇਮੇਸ਼ਨ ਮੁਕਾਬਲੇ ਦਾ ਆਯੋਜਨ ਕੀਤਾ ਗਿਆ

ਲਗਭਗ 30 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਕਲਾਤਮਕ ਪ੍ਰਤਿਭਾ ਦੇ ਨਾਲ ਖ਼ੂਨ ਦਾਨ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਈ। ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਖ਼ੂਨ ਦਾਨ ਕਰਨ ਦੀ ਅਹਿਮੀਅਤ ਅਤੇ ਇਸਦੇ ਜੀਵਨ ਬਚਾਉਣ ਵਾਲੇ ਲਾਭਾਂ ਬਾਰੇ ਸਿੱਖਿਆ ਦੇਣਾ ਸੀ ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਅਤੇ ਵਾਈਸ ਪ੍ਰਿੰਸੀਪਲ ਡਾ. ਰੁਮਿੰਦਰ ਕੌਰ ਨੇ ਸਾਇੰਸ ਵਿਭਾਗ ਦੇ ਸਟਾਫ ਨੂੰ ਮੁਬਾਰਕਬਾਦ ਦਿੱਤੀ ਜਿਨ੍ਹਾਂ ਨੇ ਇਹ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ, ਜਿਸ ਨੇ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਸਹਿਯੋਗ ਦੀ ਭਾਵਨਾ ਵੀ ਜਗਾਈ

ਰੋਜ਼ਾਨਾ ਲੋਕ ਬਾਣੀ
www.lokbani

# ਡਿਪਟੀ ਕਿਮਸ਼ਨਰ ਨੇ ਜ਼ਿਲ੍ਹੇ ਦੇ ਕੰਬਾਈਨ ਹਾਰਵੈਸਟਰ ਮਾਲਕਾਂ ਨਾਲ ਕੀਤੀ ਮੀਟਿੰਗ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਵੱਲੋਂ ਅੱਜ ਜ਼ਿਲ੍ਹੇ ਦੇ ਵੱਖ ਵੱਖ ਕੰਬਾਈਨ ਹਾਰਵੈਸਟਰ ਮਾਲਕਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਵੱਲੋਂ ਸਾਰੇ ਕੰਬਾਈਨ ਹਾਰਵੈਸਟਰ ਮਾਲਕਾਂ ਨੂੰ ਹਦਇਤ ਕੀਤੀ ਗਈ ਕਿ ਸਾਰੀਆਂ ਕੰਬਾਈਨਾਂ ਸੁਪਰ ਐਸ.ਐਮ.ਐਸ ਨਾਲ ਹੀ ਚੱਲਣ, ਤਾਂ ਜੋ ਕਿ ਪਰਾਲੀ ਨੂੰ ਸਾਂਭਣ ਵਿਚ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਵੱਲੋਂ ਸਮੂਹ ਕੰਬਾਈਨ ਹਾਰਵੈਸਟਰ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਕੰਬਾਈਨਾਂ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਚਲਾਈਆਂ ਜਾਣ ਅਤੇ ਸਿਰਫ ਸੁੱਕਾ ਝੋਨਾ ਹੀ ਵੱਢਿਆ ਜਾਵੇ। ਇਸ ਮੌਕੇ ਸਾਰੇ ਕੰਬਾਈਨ ਹਾਰਵੈਸਟਰ ਮਾਲਕਾਂ ਵੱਲੋਂ ਸਹਿਮਤੀ ਜਤਾਈ ਗਈ ਅਤੇ ਉਨ੍ਹਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਸੁਪਰ ਐਸ.ਐਮ.ਐਸ ਨਾਲ ਹੀ ਕੰਬਾਈਨਾਂ ਚਲਾਉਣਗੇ ਅਤੇ ਸੁੱਕਾ ਝੋਨਾ ਹੀ ਵੱਢਣਗੇ ਤਾਂ ਜੋ ਕਿਸਾਨਾਂ ਨੂੰ ਕੋਈ ਵੀ ਪ੍ਰੇਸ਼ਾਨੀ ਨਾ ਆਵੇ। ਇਸ ਮੌਕੇ ਐਸ.ਐਸ.ਪੀ ਡਾ. ਮਹਿਤਾਬ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਉਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ,ਉਪ ਮੰਡਲ ਮੈਜਿਸਟ੍ਰੇਟ ਬਲਾਚੌਰ ਪ੍ਰੀਤ ਇੰਦਰ ਸਿੰਘ ਬੈਂਸ, ਉਪ ਮੰਡਲ ਮੈਜਿਸਟ੍ਰੇਟ ਬੰਗਾ ਵਿਪਿਨ ਭੰਡਾਰੀ, ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ,,ਸਹਾਇਕ ਖੇਤੀਬਾੜੀ ਇੰਜੀਨੀਅਰ ਇੰਜ. ਚੰਦਨ ਸ਼ਰਮਾ ਤੋਂ ਇਲਾਵਾ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਅਕਾਲੀ ਦਲ ਵੱਲੋਂ ਪੰਚਾਇਤੀ ਚੋਣਾਂ ਨੂੰ ਲੈ ਕੇ ਅਧਿਕਾਰੀਆਂ ਤੇ ਵਧਿਆ ਦਬਾਅ, ਵਿਰੋਧ ਪ੍ਰਦਰਸ਼ਨ ਦੀ ਚੇਤਾਵਨੀ



ਚੋਹਲਾ ਸਾਹਿਬ : ( ਭਗਤ ਸਿੰਘ ਸੰਧੂ ) ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਗ੍ਰਾਮ ਪੰਚਾਇਤ ਚੋਣਾਂ ਤੋਂ ਪਹਿਲਾਂ ਮੌਜੂਦਾ ਪੰਜਾਬ ਸਰਕਾਰ ਦੀਆਂ ਬਦਲਾਖੋਰੀ ਕਾਰਵਾਈਆਂ ਤੇ ਡੂੰਘੀ ਚਿੰਤਾ ਪ੍ਰਗਟਾਈ ਹੈ।

ਸ੍ਰ. ਬ੍ਰਹਮਪੁਰਾ ਨੇ ਉਜਾਗਰ ਕੀਤਾ ਕਿ 'ਆਪ' ਸਰਕਾਰ ਦੇ ਵਿਧਾਇਕ ਆਮ ਲੋਕਾਂ ਦੇ ਚੋਣ ਲੜਨ ਦੇ ਜਮਹੂਰੀ ਹੱਕ ਵਿੱਚ ਰੁਕਾਵਟ ਪਾ ਕੇ ਬੇਇਨਸਾਫ਼ੀ ਕਰ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਚਾਇਤੀ ਚੋਣਾਂ ਵਿੱਚ ਸ਼ਾਮਲ ਅਧਿਕਾਰੀਆਂ ਵੱਲੋਂ ਉਮੀਦਵਾਰਾਂ ਨੂੰ ਜਾਣਬੁੱਝ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਆਪ ਸਰਕਾਰ ਦੁਆਰਾ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ ਸੰਭਾਵੀ ਗੁੰਡਾਗਰਦੀ ਵੱਲ ਇਸ਼ਾਰਾ ਕਰਦੇ ਲੋੜੀਂਦੇ ਦਸਤਾਵੇਜ਼, ਚੁੱਲ੍ਹਾ ਟੈਕਸ ਕਲੀਅਰੈਂਸ ਦੀਆਂ ਰਸੀਦਾਂ ਨਹੀਂ ਮੁਹਈਆਂ ਕਰਵਾਈਆਂ ਜਾ ਰਹੀਆਂ ਹਨ। ਇੱਥੇ ਦੱਸਣਯੋਗ ਹੈ ਕਿ ਸੈਕਟਰੀ ਅਤੇ ਬੀਡੀਪੀਓਜ਼ ਵਰਗੇ ਸੰਬੰਧਿਤ ਅਧਿਕਾਰੀ ਮੌਕੇ ਤੇ ਗਾਇਬ ਪਾਏ ਗਏ ਹਨ। ਇਸ ਤੋਂ ਇਲਾਵਾ, ਮੋਬਾਈਲ ਨੰਬਰਾਂ ਰਾਹੀਂ ਇੰਨ੍ਹਾਂ ਅਧਿਕਾਰੀਆਂ ਨਾਲ ਸੰਪਰਕ ਵੀ ਨਹੀਂ ਹੋ ਪਾ ਰਿਹਾ ਜੋ ਕਿ ਬੇਹੱਦ ਮੰਦਭਾਗੀ ਗੱਲ ਹੈ।

ਸ੍ਰ. ਬ੍ਰਹਮਪੁਰਾ ਵੱਲੋਂ ਸਖ਼ਤ ਚੇਤਾਵਨੀ ਦੇਂਦਿਆਂ ਐਲਾਨ ਕੀਤਾ ਕਿ ਉਨ੍ਹਾਂ ਦੇ ਉਮੀਦਵਾਰਾਂ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਨਾ ਕਰਵਾਉਣ ਦੇ ਨਤੀਜੇ ਵਜੋਂ ਪ੍ਰਸ਼ਾਸਨਿਕ ਦਫ਼ਤਰਾਂ ਦੇ ਬਾਹਰ ਆਪ ਸਰਕਾਰ ਦੇ ਦੁਰਵਿਵਹਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਜ਼ਿੰਮੇਵਾਰ ਰਿਟਰਨਿੰਗ ਅਫ਼ਸਰ ਨੂੰ ਵੀ ਕਿਸੇ ਵੀ ਜੋਰਾਜਬਰੀ ਲਈ ਕਾਨੂੰਨੀ ਪ੍ਰਤੀਕਿਰਿਆਵਾਂ ਦਾ ਸਾਹਮਣਾ ਕਰਨਾ ਪਵੇਗਾ।

ਰੋਜ਼ਾਨਾ ਲੋਕ ਬਾਣੀ
www.lokbani

# ਸਵੱਛਤਾ ਹੀ ਸੇਵਾ ਮੁਹਿੰਮ ਤਹਿਤ RIET ਕੈਂਪਸ ਵਿੱਚ ਜਾਗਰੂਕਤਾ ਕੈਂਪ ਲਗਾਇਆ ਗਿਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਇੰਸਟੀਟਿਊਟ ਆਫ਼ ਇਜੀਨੀਅਰਿੰਗ ਐਂਡ ਟੈਕਨੋਲੋਜੀ ਫਗਵਾੜਾ ਵਿੱਚ ਮਹਾਤਮਾ ਗਾਂਧੀ ਦੀ 155ਵੀਂ ਜਨਮ ਜਯੰਤੀ ਸਮਾਰੋਹ ਫਗਵਾੜਾ ਦੀ ਨਗਰ ਨਿਗਮ ਦੇ ਸਾਂਝ ਨਾਲ ਸੰਪੰਨ ਕੀਤਾ ਗਿਆ। ਰਾਸ਼ਟਰ ਪਿਤਾ ਗਾਂਧੀ ਜੀ ਦੇ ਅਹਿੰਸਾ, ਸਤਿਆਗ੍ਰਹਿ ਅਤੇ ਸਾਫ਼-ਸਫ਼ਾਈ ਦੇ ਸੰਦੇਸ਼ ਨੂੰ ਫੈਲਾਉਣ ਲਈ ਇਸ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਉਤਸਵ ਦਾ ਮੁੱਖ ਮਕਸਦ ਸਵੱਛਤਾ ਹੀ ਸੇਵਾ ਦੇ ਵਿਸ਼ੇ ਤੇ ਚਰਚਾ ਕਰਨਾ ਅਤੇ ਸਾਫ਼-ਸਫ਼ਾਈ ਵੱਲ ਲੋਕਾਂ ਨੂੰ ਜਾਗਰੂਕ ਕਰਨਾ ਸੀ

ਇਸ ਸਮਾਰੋਹ ਦਾ ਆਯੋਜਨ ਚੇਅਰਪਰਸਨ ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ ਦੀ ਅਗਵਾਈ ਹੇਠ ਕੀਤਾ ਗਿਆ, ਨਾਲ ਹੀ ਡਾ ਵਿਓਮਾ ਭੋਗਲ ਦੱਤ (ਡਾਇਰੈਕਟਰ ਰਾਮਗੜ੍ਹੀਆ ਐਜੂਕੇਸ਼ਨ ਕੌਂਸਲ) ਵੀ ਵਿਸ਼ੇਸ਼ ਰੂਪ ਵਿੱਚ ਸਮਾਗਮ ਵਿਚ ਸ਼ਾਮਿਲ ਹੋਏ । ਸਮਾਗਮ ਦੇ ਮੁੱਖ ਮਹਿਮਾਨ ਮੈਡਮ ਨਵਨੀਤ ਕੌਰ ਬਲ (ਏਡੀਸੀ ਕਪੂਰਥਲਾ) ਸਨ। ਓਹਨਾਂ ਦੇ ਸਵਾਗਤ ਵਜੋਂ ਰਿਬਨ ਕਟਾਈ ਦੀ ਰਸਮ ਅਦਾ ਕੀਤੀ ਗਈ।ਹੋਰ ਮਹਿਮਾਨਾਂ ਸ਼੍ਰੀਮਤੀ ਪੂਜਾ (ਆਈ.ਈ.ਸੀ. ਮਾਹਰ), ਸ਼੍ਰੀਮਤੀ ਸੁਨੀਤਾ ਸ਼ਰਮਾ (ਸੀ.ਐਫ.),ਸ਼੍ਰੀਮਾਨ ਅਜੈ ਕੁਮਾਰ (ਸੀਐਸਆਈ), ਸ਼੍ਰੀਮਾਨ ਨਾਮਦੇਵ (ਐਸਆਈ), ਸ਼੍ਰੀਮਾਨ ਹਿਤੇਸ਼ ਸ਼ਰਮਾ, ਸ਼੍ਰੀਮਾਨ ਜਤਿੰਦਰ ਵਿਜ ਅਤੇ ਸ਼੍ਰੀਮਤੀ ਆਸ਼ਾ ਰਾਣੀ ਸ਼ਾਮਿਲ ਸਨ।ਇਸ ਮਹੱਤਵਪੂਰਨ ਮੌਕੇ ਤੇ ਪ੍ਰਿੰਸੀਪਲ ਡਾ. ਨਵੀਨ ਢਿੱਲੋਂ (RIET), ਡਾ ਗੁਰਪ੍ਰੀਤ ਕੌਰ (ਪ੍ਰਿੰਸੀਪਲ, RIMAS) ਅਤੇ ਸ੍ਰੀ ਮਤੀ ਮਨਦੀਪ ਕੌਰ (ਪ੍ਰਿੰਸੀਪਲ, RISHR) ਨੇ ਸਮਾਗਮ ਦੀ ਸ਼ੋਭਾ ਵਧਾਈ। ਇਸ ਸਮਾਰੋਹ ਦਾ ਮੁੱਖ ਵਿਸ਼ਾ ਸਵੱਛਤਾ ਹੀ ਸੇਵਾ ਸੀ, ਜਿਸ ਤੇ ਚਰਚਾ ਕੀਤੀ ਗਈ ਅਤੇ ਲੋਕਾਂ ਨੂੰ ਇਸ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ। ਆਏ ਹੋਏ ਸਾਰੇ ਮਹਿਮਾਨਾਂ ਨੂੰ ਸਨਮਾਨ ਵਜੋਂ ਪੌਦੇ ਉਪਹਾਰ ਵਿੱਚ ਦਿੱਤੇ ਗਏ ਸਮਾਰੋਹ ਦੀ ਸ਼ੁਰੂਆਤ ਸਾਫ਼-ਸਫ਼ਾਈ ਅਤੇ ਸੁਰੱਖਿਆ ਦੀਆਂ ਵਚਨਬੱਧਤਾਵਾਂ ਨਾਲ ਹੋਈ। ਇਸ ਮੌਕੇ ਸਟੇਜ ਸਕੱਤਰ ਇੰ ਮਨਪ੍ਰੀਤ ਕੌਰ ਨੇ ਸਭ ਨੂੰ ਸੌਂਹ ਚੁਕਾਈ।ਵਿਦਿਆਰਥੀਆਂ ਅਤੇ ਸਟਾਫ ਨੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਇਕੱਠੇ ਮੁਹਿੰਮ ਦਾ ਹਿੱਸਾ ਬਣਨ ਦੀ ਸਹੁੰ ਚੁੱਕੀ। ਸਮਾਗਮ ਦੌਰਾਨ ਗਿੱਲਾ ਤੇ ਸੁੱਖਾ ਕਚਰਾ ਅਲੱਗ ਕਰਨ ਦੇ ਮਹੱਤਵ ਨੂੰ ਜ਼ੋਰ ਦਿੱਤਾ ਗਿਆ ਅਤੇ ਸਾਫ਼-ਸੁਥਰੇ ਹਰੇ-ਭਰੇ ਰਾਸ਼ਟਰ ਦੇ ਬੈਨਰ ਹੇਠ ਇੱਕ ਵਿਸ਼ਾਲ ਰੈਲੀ ਕੱਢੀ ਗਈ। ਇਸ ਰੈਲੀ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਲੋਕਾਂ ਨੂੰ ਸਫ਼ਾਈ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ, ਸਵੱਛਤਾ ਹੀ ਸੇਵਾ ਨੂੰ ਪ੍ਰਤੀਬਿੰਬਿਤ ਕਰਨ ਲਈ ਵਿਦਿਆਰਥੀਆਂ ਨੇ ਇੱਕ ਮਨੁੱਖੀ ਜੰਜੀਰ ਬਣਾਈ ਇਸ ਮੌਕੇ ਮੁੱਖ ਮਹਿਮਾਨ ਮੈਡਮ ਨਵਨੀਤ ਕੌਰ ਬੱਲ ਨੇ ਆਰਈਸੀ ਮੈਨੇਜਮੈਂਟ ਨੂੰ ਅਜਿਹੇ ਸਮਾਗਮ ਕਰਵਾਉਣ ਲਈ ਵਧਾਈ ਦਿੰਦੇ ਹੋਏ ਕਿਹਾ ਕਿ ਵਿਕਸਤ ਦੇਸ਼ ਸਫ਼ਾਈ ਵੱਲ ਜ਼ਿਆਦਾ ਧਿਆਨ ਦਿੰਦੇ ਹਨ ਅਤੇ ਸਾਡੇ ਦੇਸ਼ ਵਿੱਚ ਵੀ ਸਰਕਾਰ ਦੇ ਨਾਲ-ਨਾਲ ਲੋਕਾਂ ਨੂੰ ਵੀ ਅਜਿਹੀ ਪਹਿਲਕਦਮੀ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਆਮ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਕੋਈ ਵੀ ਨੀਤੀ ਸਫਲ ਨਹੀਂ ਹੋ ਸਕਦੀ।ਇਸ ਉਪਰੰਤ ਚੇਅਰਪਰਸਨ ਮੈਡਮ ਮਨਪ੍ਰੀਤ ਕੌਰ ਭੋਗਲ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਖੁੱਲ੍ਹੀ ਪ੍ਰਸ਼ੰਸਾ ਕੀਤੀ ਅਤੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਓਹਨਾ ਕਿਹਾ ਕਿ ਇਹ ਸਿਰਫ ਇੱਕ ਸਮਾਰੋਹ ਨਹੀਂ, ਸਗੋਂ ਸਾਡੇ ਭਵਿੱਖ ਦੇ ਨਿਰਮਾਤਿਆਂ ਵੱਲੋਂ ਸਮਾਜ ਵਿੱਚ ਸਫ਼ਾਈ ਦੇ ਸੰਦੇਸ਼ ਨੂੰ ਫੈਲਾਉਣ ਲਈ ਇਕ ਉਤਸ਼ਾਹਜਨਕ ਪਹਿਲ ਹੈ। ਇਹੋ ਜਿਹੇ ਸਮਾਗਮ ਹੁੰਦੇ ਰਹਿਣੇ ਚਾਹੀਦੇ ਹਨ।ਇਹ ਦਿਨ ਸਾਨੂੰ ਸਿਖਾਉਂਦਾ ਹੈ ਕਿ ਸਿਰਫ ਕਹਿਣਾ ਹੀ ਨਹੀਂ, ਸਗੋਂ ਕਰਨਾ ਵੀ ਅਹਿਮ ਹੈ। ਇਸ ਮੌਕੇ ਤੇ ਸਾਰੇ ਵਿਭਾਗਾਂ ਦੇ ਮੁਖੀ ਸ਼ਾਮਲ ਸਨ

ਰੋਜ਼ਾਨਾ ਲੋਕ ਬਾਣੀ
www.lokbani

# ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਦਾ ਇੱਕ ਵਫਦ ਪ੍ਰਧਾਨ ਡਾ ਰਮਨ ਦੀ ਅਗਵਾਈ ਹੇਠ ਨਵ ਨਿਯੁਕਤ ਕਮਿਸ਼ਨਰ ਨਗਰ ਨਿਗਮ ਫਗਵਾੜਾ ਨੂੰ ਮਿਲਿਆ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਦਾ ਇੱਕ ਵਫਦ ਪ੍ਰਧਾਨ ਡਾ ਰਮਨ ਸ਼ਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਨਗਰ ਨਿਗਮ ਦੇ ਕਮਿਸ਼ਨਰ ਮੈਡਮ ਨਵਨੀਤ ਕੌਰ ਬੱਲ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਗੂਲਦਸਤਾ ਭੇਟ ਕਰ ਜੀ ਆਇਆਂ ਆਖਿਆ ਅਤੇ ਮੈਡਮ ਤੇ ਭਰੋਸਾ ਜਤਾਇਆ ਕਿ ਉਹ ਸ਼ਹਿਰ ਦੀ ਬਿਹਤਰੀ ਲਈ ਯਤਨਸ਼ੀਲ ਹੋ ਕੰਮ ਕਰਨਗੇ ਇਸ ਮੌਕੇ ਵਫ਼ਦ ਚ ਪ੍ਰਧਾਨ ਡਾ ਰਮਨ , ਧੰਨਪਾਲ ਸਿੰਘ ਗਾਂਧੀ , ਸੁਸ਼ੀਲ ਸ਼ਰਮਾ , ਅਸ਼ੋਕ ਸ਼ਰਮਾ , ਕਮਲਦੀਪ ਸਿੰਘ , ਨਰਿੰਦਰਪਾਲ ਸਿੰਘ ਮਾਹੀ , ਜੀਵਨ ਸੰਘਾ , ਅਜੇ ਕੋਛੜ , ਅਮ੍ਰਿਤਪਾਲ ਸਿੰਘ , ਜਸਵਿੰਦਰ ਸਿੰਘ ਭਗਤਪੁਰਾ ਆਦਿ ਮੌਜੂਦ ਸਨ

ਰੋਜ਼ਾਨਾ ਲੋਕ ਬਾਣੀ
www.lokbani

# ਪੰਜਾਬ ਹੈਡਲਾਈਨ ਅਖਬਾਰ ਦੇ ਸੰਪਾਦਕ ਤੇ ਹਮਲਾ , ਪ੍ਰੈਸ ਦੀ ਆਜ਼ਾਦੀ ਤੇ ਹਮਲਾ



ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ) ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਦੇ ਪ੍ਰਧਾਨ ਡਾ ਰਮਨ ਨੇ ਬੀਤੇ ਦਿਨ ਜੰਲਧਰ ਦੇ ਇੱਕ ਰੋਜ਼ਾਨਾ ਅਖ਼ਬਾਰ ਪੰਜਾਬ ਹੈਂਡਲਾਈਨ ਦੇ ਮੁੱਖ ਸੰਪਾਦਕ ਮੁੱਖਤਿਆਰ ਸਿੰਘ ਬਾਠ ਤੇ ਕੁਝ ਅਣਪਛਾਤੇ ਹਮਲਾਵਰਾਂ ਵਲੋਂ ਕਾਤਿਲਾਨਾ ਹਮਲਾ ਕੀਤਾ ਗਿਆ ਦੀ ਸਖ਼ਤ ਸ਼ਬਦਾਂ ਚ ਨਖੇਦੀ ਕੀਤੀ ਅਤੇ ਇਸ ਘਟਨਾ ਨੂੰ ਪ੍ਰੈਸ ਦੀ ਅਜਾਦੀ ਤੇ ਹਮਲਾ ਦੱਸਿਆ ਜੰਲਧਰ ਸਿਵਲ ਹਸਪਤਾਲ ਵਿਖੇ ਜੇਰੇ ਇਲਾਜ਼ ਮੁੱਖਤਿਆਰ ਸਿੰਘ ਬਾਠ ਦਾ ਹਾਲ ਚਾਲ ਜਾਣਨ ਪਹੁੰਚੇ ਡਾ ਰਮਨ ਨੇ ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਵਲੋਂ ਇਸ ਘਟਨਾ ਦੀ ਪੂਰਜੋਰ ਸ਼ਬਦਾਂ ਚ ਨਖੇਦੀ ਕੀਤੀ ਉਨ੍ਹਾਂ ਕਿਹਾ ਕਿ ਅਜਿਹੇ ਸ਼ਰਾਰਤੀ ਅਨਸਰਾਂ ਤੇ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਮੁਖਤਿਆਰ ਸਿੰਘ ਬਾਠ ਜੀ ਨੂੰ ਇੰਨਸਾਫ ਦਿੱਤਾ ਜਾਵੇ
ਇਸ ਮੌਕੇ ਉਨ੍ਹਾਂ ਨਾਲ ਕਮਲਦੀਪ ਸਿੰਘ , ਜੀਵਨ ਸਿੰਘ ਮੋਜੂਦ ਸਨ

ਰੋਜ਼ਾਨਾ ਲੋਕ ਬਾਣੀ
www.lokbani

# ਜਲੰਧਰ ਵਾਲਿਆਂ ਲਈ ਖੁਸ਼ਖਬਰੀ ਇਸ ਸੜਕ ਨੂੰ ਮਿਲੀ ਮਨਜ਼ੂਰੀ

ਜਲੰਧਰ, ਲੋਕ ਬਾਣੀ -ਹੁਸ਼ਿਆਰਪੁਰ ਰੋਡ ਤੋਂ ਆਦਮਪੁਰ ਏਅਰਪੋਰਟ ਨੂੰ ਜਾਣ ਵਾਲੀ 66 ਫੁੱਟ ਐਰੋ ਸਿਟੀ ਐਮ.ਈ.ਐਸ ਰੋਡ ਨੂੰ ਮਿਲੀ ਮਨਜ਼ੂਰੀ, ਕਈ ਵੱਡੇ ਪ੍ਰੋਜੈਕਟਾਂ ਦੀ ਉਸਾਰੀ ਸ਼ੁਰੂ ਹੋ ਗਈ ਹੈ, ਆਉਣ ਵਾਲੇ ਦਿਨਾਂ ਵਿੱਚ ਇਸ ਸੜਕ ਦੀ ਜ਼ਮੀਨ ਸਭ ਤੋਂ ਮਹਿੰਗੀ ਹੋ ਜਾਵੇਗੀ ਤੇ ਕਈ ਵੱਡੇ ਪ੍ਰੋਜੈਕਟ ਹੋ ਰਹੇ ਹਨ ਸ਼ੁਰੂ ਜ਼ਮੀਨ ਦੇ ਰੇਟਾਂ ਵਿੱਚ ਆਵੇਗੀ ਤੇਜ਼ੀ ਹਰਿਆਂ ਭਰੀਆਂ ਮਾਹੌਲ
ਸ਼ਹਿਰ ਤੋਂ ਥੋੜ੍ਹੀ ਦੂਰ।

ਰੋਜ਼ਾਨਾ ਲੋਕ ਬਾਣੀ
www.lokbani

# ਮਹਾਨ ਕੀਰਤਨ ਦਰਬਾਰ ਦਾ ਰੂਪ ਧਾਰ ਗਿਆ ਬਲਾਚੌਰ ਵਿਖੇ ਕਰਵਾਇਆ ਗਿਆ ਤਹਿਸੀਲ ਪੱਧਰੀ ਵਿਸ਼ੇਸ਼ ਗੁਰਮਤਿ ਸਮਾਗਮ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਧੰਨ ਧੰਨ ਗੂਰੂ ਨਾਨਕ ਸਾਹਿਬ ਜੀ ਦੇ ਆਗਮਨ ਪੂਰਬ ਨੂੰ ਸਮਰਪਿਤ ਹਰ ਸਾਲ ਦੀ ਤਰਾਂ 4, 5, 6 ਨਵੰਬਰ ਨੂੰ ਹੋਣ ਵਾਲੇ ਸਲਾਨਾ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮਾਂ ਦੀ ਚਲ ਰਹੀ ਲੜੀ ਦੇ 14ਵੇਂ ਸਮਾਗਮ ਬਲਾਚੌਰ ਵਿਖੇ ਬੜੀ ਧੂਮਧਾਮ, ਚੜਦੀ ਕਲਾ ਅਤੇ ਜੋਸ਼ ਭਰਪੂਰ ਮਾਹੌਲ ਨਾਲ ਸੰਪੂਰਨ ਹੋਏ। ਗੂਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਇਸ ਕੀਰਤਨ ਦਰਬਾਰ ਨੂੰ ਸਮਰਪਿਤ ਪਿਛਲੇ ਕਾਫੀ ਦਿਨਾਂ ਤੋਂ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਵਿੱਚ ਗੁਰਮਤਿ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿਚ ਰੋਜ਼ਾਨਾ ਹਜਾਰਾਂ ਦੀ ਗਿਣਤੀ ਵਿਚ ਸੰਗਤਾਂ ਹਾਜ਼ਰੀ ਭਰਦੀਆਂ ਹਨ। ਇਸ ਲੜੀ ਦਾ 14ਵਾਂ ਗੁਰਮਤਿ ਸਮਾਗਮ ਇਸ ਵਾਰ ਤਹਿਸੀਲ ਪੱਧਰ ਤੇ ਜਨਰਲ ਬਿਕਰਮ ਸਿੰਘ ਮੈਮੋਰੀਅਲ ਖਾਲਸਾ ਸਕੂਲ ਮਹਿੰਦੀਪੁਰ ਦੀ ਗਰਾਊਂਡ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸੰਗਤਾਂ ਦਾ ਹਜਾਰਾਂ ਦੀ ਗਿਣਤੀ ਵਿਚ ਇਕੱਠ ਦੇਖਣ ਯੋਗ ਸੀ। । ਦੂਰੋਂ ਨੇੜੋ ਚੱਲ ਕੇ ਸੰਗਤਾਂ ਇਸ ਸਮਾਗਮ ਦੇ ਵਿੱਚ ਹਾਜਰੀ ਭਰਨ ਲਈ ਵਹੀਆਂ ਘੱਤ ਕੇ ਪਹੁੰਚ ਰਹੀਆਂ ਸਨ। ਇਨਾ ਹੀ ਨਹੀਂ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਵੱਖ-ਵੱਖ ਸਥਾਨਾਂ ਤੋਂ ਸੰਗਤਾਂ ਨੂੰ ਨਿੱਜੀ ਸਾਧਨਾਂ ਤੋਂ ਇਲਾਵਾ ਕਰੀਬ ਤਿੰਨ ਦਰਜਨ ਬੱਸਾਂ ਦਾ ਇੰਤਜ਼ਾਮ ਕੀਤੇ ਗਏ ਸਨ ਜਿਨਾਂ ਰਾਹੀਂ ਜਿਲਾ ਭਰ ਹੀ ਨਹੀ ਗੁਆਂਢੀ ਜਿਲਿਆਂ ਨਾਲ ਸਬੰਧਤ ਸੰਗਤਾਂ ਨੇ ਹਾਜ਼ਰੀ ਭਰੀ । ਪ੍ਰਬੰਧਕਾਂ ਵਲੋਂ ਇਸ ਸਮਾਗਮ ਲਈ ਲਗਵਾਏ ਗਏ ਵਿਸ਼ਾਲ ਪੰਡਾਲ ਵੀ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਮੂਹਰੇ ਛੋਟੇ ਪੈ ਗਏ। ਸਮਾਗਮ ਦੀ ਸ਼ੁਰੂਆਤ ਰਹਿਰਾਸ ਸਾਹਿਬ ਜੀ ਦੇ ਪਾਠ ਉਪਰੰਤ ਭਾਈ ਹਰਜਿੰਦਰ ਸਿੰਘ ਅਟਾਰੀ ਵਾਲਿਆਂ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਕੀਤੀ। ਓਨਾਂ ਤੋਂ ਬਾਅਦ ਭਾਈ ਸਰਬਜੀਤ ਸਿੰਘ ਪਟਨਾ ਵਾਲਿਆਂ ਦੇ ਜੱਥੇ ਨੇ ਅੰਮ੍ਰਿਤਮਈ ਗੁਰਬਾਣੀ ਦਾ ਰਸਭਿੰਨਾ ਅਤੇ ਜੋਸ਼ਪੂਰਨ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਪਰਮਾਤਮਾ ਦੀ ਇਲਾਹੀ ਬਾਣੀ ਦੇ ਨਾਲ ਜੋੜਿਆ। ਉਪਰੰਤ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਗੁਰਬਾਣੀ ਦੇ ਵਡਮੁੱਲੇ ਸਿਧਾਂਤਾਂ ਤੋਂ ਜਾਣੂ ਕਰਵਾਇਆ। ਉਨਾਂ ਨੇ ਕਥਾ ਕਰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਸੰਗਤਾਂ ਨੂੰ ਆਪਣੇ ਗੂਰੂ ਤੇ ਭਰੋਸਾ ਹੋਣਾ ਜ਼ਰੂਰੀ ਹੈ। ਗੂਰੂ ਸਾਹਿਬ ਦੀ ਸ਼ਖ਼ਸੀਅਤ ਨੂੰ ਪਹਿਚਾਨਣ ਲਈ ਉਨਾਂ ਵਲੋਂ ਰਚਿਤ ਬਾਣੀ ਦੇ ਸਿਧਾਂਤਾਂ ਤੇ ਅਮਲ ਕਰਨਾ ਅਤਿਅੰਤ ਜ਼ਰੂਰੀ ਹੈ। ਆਪਣੇ ਆਪ ਨੂੰ ਜਦੋਂ ਗੂਰੂ ਚਰਨਾਂ ਵਿੱਚ ਸਮਰਪਿਤ ਕਰਾਂਗੇ ਤੇ ਸਾਡੀ ਜ਼ਿੰਦਗੀ ਹੀ ਬਦਲ ਜਾਵੇਗੀ। ਸੰਗਤਾਂ ਜਿੱਥੇ ਗੁਰਬਾਣੀ ਕੀਰਤਨ ਦਾ ਲਾਹਾ ਲੈ ਰਹੀਆਂ ਸਨ ਉੱਥੇ ਗੁਰਮਤਿ ਵਿਚਾਰਧਾਰਾ ਨੂੰ ਅਪਣਾ ਕੇ ਆਪਣੇ ਆਪ ਨੂੰ ਭਾਗਾਂ ਵਾਲਾ ਮਹਿਸੂਸ ਕਰ ਰਹੀਆਂ ਸਨ। ਸਮਗਾਮ ਦੀ ਸਮਾਪਤੀ ਮੌਕੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਜੀ ਅਰਦਾਸੀਆ ਸਿੰਘ ਸ੍ਰੀ ਦਰਬਾਰ ਨੇ ਰਸਭਿੰਨੀ ਅਵਾਜ ਵਿਚ ਅਰਦਾਸ ਅਤੇ ਹੁਕਮਨਾਮਾ ਸਾਹਿਬ ਦੀ ਸੇਵਾ ਕਰਕੇ ਦਰਬਾਰ ਸਾਹਿਬ ਵਾਲੇ ਮਹੌਲ ਦੀ ਸਿਰਜਨਾ ਕਰ ਦਿੱਤੀ । ਪ੍ਰਬੰਧਕਾਂ ਵਲੋਂ ਸੰਗਤਾਂ ਲਈ ਚਾਹ ਪਕੌੜਿਆਂ ਅਤੇ ਗੂਰੂ ਕੇ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਗੂਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ, ਸਮਾਗਮ ਦੇ ਸਰਪ੍ਰਸਤ ਬਰਜਿੰਦਰ ਸਿੰਘ ਹੁਸੈਨਪੁਰ, ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ, ਮੁੱਖ ਪ੍ਰਬੰਧਕ ਅਮਰੀਕ ਸਿੰਘ ਬਛੋੜੀ, ਦੀਦਾਰ ਸਿੰਘ ਗਹੂੰਣ, ਸੁਖਵੰਤ ਸਿੰਘ ਚੀਮਾ, ਤਰੁਨਜੀਤ ਸਿੰਘ ਥਾਂਦੀ, ਗੁਰਦੇਵ ਸਿੰਘ ਗਹੂੰਣ ਨੇ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਭਾਈ ਸਰਬਜੀਤ ਸਿੰਘ ਲੁਧਿਆਣਾ ਅਤੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਅਰਦਾਸੀਆ ਸਿੰਘ ਸ੍ਰੀ ਦਰਬਾਰ ਸਾਹਿਬ ਦਾ ਸਨਮਾਨ ਕੀਤਾ। ਤਰਲੋਚਨ ਸਿੰਘ ਖਟਕੜ ਕਲਾਂ ਵਲੋਂ ਮੰਚ ਸੰਚਾਲਨ ਕੀਤਾ ਗਿਆ। ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਵਲੋਂ ਜਿਲੇ ਭਰ ਤੋਂ ਹਜਾਰਾਂ ਦੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵ ਸੰਗਤਾਂ ਵਿਚ ਉਪਸਥਿਤ ਸਨ। ਸੰਗਤਾਂ ਵਿੱਚ ਮੁੱਖ ਸੇਵਾਦਾਰ ਗੁਰਦੁਆਰਾ ਨਾਨਕ ਨਿਰਵੈਰ ਸੱਚਖੰਡ ਧਾਮ ਬਲਾਚੌਰ ਭਾਈ ਰਜਿੰਦਰ ਸਿੰਘ ਖੰਡੂਪੁਰ, ਸਮਾਗਮ ਦੇ ਸਰਪ੍ਰਸਤ ਭਾਈ ਬਲਵੀਰ ਸਿੰਘ ਘਮੌਰ, ਭਾਈ ਪਰਵਿੰਦਰ ਸਿੰਘ ਸੁੱਧਾ ਮਾਜਰਾ, ਲਵਪ੍ਰੀਤ ਸਿੰਘ, ਤਲਵੀਰ ਸਿੰਘ, ਹਰਜਿੰਦਰ ਸਿੰਘ ਮੰਡਿਆਣੀ, ਸ਼ਿਵਾਲਿਕ, ਭਾਈ ਤੇਜਪਾਲ ਸਿੰਘ ਭਾਈ ਘਨੱਈਆ ਸੇਵਾ ਦਲ, ਭਾਈ ਗੁਰਦਿਆਲ ਸਿੰਘ ਮਝੂਰ, ਅਮਰੀਕ ਸਿੰਘ, ਪਰਵਿੰਦਰ ਸਿੰਘ ਸੁਧਾ ਮਾਜਰਾ, ਰਣਵੀਰ ਸਿੰਘ ਰਾਏ, ਕੁਲਵੰਤ ਸਿੰਘ, ਸੰਤੋਖ ਸਿੰਘ ਸ਼ਿਵਾਲਿਕ ਕੁਲਦੀਪ ਸਿੰਘ ਭਾਊ, ਗਿਆਨ ਸਿੰਘ, ਨਗਿੰਦਰ ਸਿੰਘ ਜੋਤ ਹੀਰਾ ਸਿੰਘ ਮੰਡੇਰ, ਸੁਰਜੀਤ ਸਿੰਘ ਕੰਗਨਾ, ਹਰਨੇਕ ਸਿੰਘ ਧੌਲ ਸਮੇਤ ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਹਾਜਰੀ ਭਰੀ। ਗੂਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਅਤੇ ਨਵਾਂਸ਼ਹਿਰ ਤੋਂ ਆਈਆਂ ਸੰਗਤਾਂ ਵਿਚ ਉੱਤਮ ਸਿੰਘ ਸੇਠੀ, ਜਗਦੀਪ ਸਿੰਘ, ਜਗਜੀਤ ਸਿੰਘ, ਕਮਲਜੀਤ ਸਿੰਘ ਸੈਣੀ, ਪਰਮਿੰਦਰ ਸਿੰਘ ਕੰਵਲ, ਜਸਵਿੰਦਰ ਸਿੰਘ, ਗਿਆਨ ਸਿੰਘ, ਇੰਦਰਜੀਤ ਸਿੰਘ ਬਾਹੜਾ, ਜੋਗਾ ਸਿੰਘ ਐਸ ਡੀ ਓ, ਕੁਲਜੀਤ ਸਿੰਘ ਖਾਲਸਾ, ਰਮਣੀਕ ਸਿੰਘ, ਗੁਰਮੁੱਖ ਸਿੰਘ, ਨਵਦੀਪ ਸਿੰਘ, ਬਲਵੀਰ ਸਿੰਘ, ਮਨਜੀਤ ਸਿੰਘ ਮਹਿਤਪੁਰ ਅਤੇ ਮਹਿੰਦਰ ਸਿੰਘ ਜਾਫਰਪੁਰ ਵੀ ਸ਼ਾਮਲ ਸਨ। ਇਥੇ ਜਿਕਰਯੋਗ ਕਰੀਬ ਦੋ ਦਹਾਕਿਆਂ ਬਾਅਦ ਬਲਾਚੌਰ ਦੀ ਧਰਤੀ ਤੇ ਹੋਏ ਇਸ ਗੁਰਮਤਿ ਸਮਾਗਮ ਵਿਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਗੁਰਬਾਣੀ ਦਾ ਲਾਹਾ ਲਿਆ। ਇਸ ਮੌਕੇ ਬਰੈਡ ਪਕੌੜਿਆਂ ਦੇ ਲੰਗਰ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



ਰੋਜ਼ਾਨਾ ਲੋਕ ਬਾਣੀ
www.lokbani

# ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿੱਚ ਸਪਰੇ ਅਤੇ ਜਾਗਰੂਕਤਾ ਗਤੀਵਿਧੀਆਂ ਲਈ ਕੀਤੀਆਂ ਟੀਮਾਂ ਰਵਾਨਾ



ਅੰਮ੍ਰਿਤਸਰ (ਲੋਕ ਬਾਣੀ)- ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ.ਕਿਰਨਦੀਪ ਕੌਰ ਜੀ ਵਲੋਂ ਦਫਤਰ ਸਿਵਲ ਸਰਜਨ ਤੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿੱਚ ਸਪਰੇ ਕਰਨ ਅਤੇ ਜਾਗਰੂਕਤਾ ਗਤੀਵਿਧੀਆਂ ਲਈ 15 ਟੀਮਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਤੇ ਸਿਵਲ ਸਰਜਨ ਡਾ.ਕਿਰਨਦੀਪ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਇਨ੍ਹਾਂ ਟੀਮਾਂ ਵਲੋਂ ਹਫਤੇ ਵਿਚ ਤਿੰਨ ਵਾਰ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿਚ ਜਾਗਰੂਕਤਾ ਗਤੀਵਿਧੀਆਂ,ਸਪਰੇ,ਫੋਗਿੰਗ, ਬ੍ਰੀਡਿੰਗ ਚੈਕਿੰਗ ਅਤੇ ਚਲਾਣ ਕੱਟਣ ਦੀਆਂ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਉਹਨਾਂ ਵਲੋਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਸਿਹਤ ਵਿਭਾਗ ਨੂੰ ਸਹਿਯੋਗ ਕੀਤਾ ਜਾਵੇ ਕਿਉਂਕਿ ਡੇਗੂ ਤੋ ਬੱਚਣ ਲਈ ਸਭ ਤੋ ਜਿਆਦਾ ਜ਼ਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗਾ ਤੇ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ, ਆਪਣੇ ਘਰਾਂ ਵਿਚ ਫਰਿਜਾਂ ਦੀਆਂ ਟਰੇਆਂ, ਗਮਲਿਆ, ਕੂਲਰਾਂ ਆਦਿ ਦੀ ਸਫਾਈ ਹਫਤੇ ਵਿਚ ਇਕ ਵਾਰੀ ਯਕੀਨੀ ਬਣਾਈ ਜਾਵੇ, ਪੂਰੀ ਬਾਂਹ ਦੇ ਕਪੜੇ ਪਹਿਨੇ ਜਾਣ, ਮੱਛਰਦਾਨੀ ਅਤੇ ਮੱਛਰ ਭਜਾਓਣ ਵਾਲੀਆ ਕਰੀਮਾਂ ਸਪਰੇਅ ਦਾ ਇਸਤੇਮਾਲ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦਾ ਬੁਖਾਰ ਹੋਣ ਦੀ ਸੂਰਤ ਵਿਚ ਤੁਰੰਤ ਨਜਦੀਕ ਦੇ ਸਰਕਾਰੀ ਹਸਪਤਾਲ ਤੋਂ ਆਪਣਾਂ ਮੁਫਤ ਇਲਾਜ ਅਤੇ ਜਾਂਚ ਕਰਵਾਈ ਜਾਵੇ।
ਇਸ ਮੌਕੇ ਤੇ ਜਿਲਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਫੀਵਰ ਸਰਵੇ ਵੀ ਕੀਤਾ ਜਾ ਰਿਹਾ ਹੈ ਅਤੇ ਬੁਖਾਰ ਦੇ ਮਰੀਜਾਂ ਬਲੱਡ-ਸੈਂਪਲ ਵੀ ਲਏ ਜਾ ਰਹੇ ਹਨ। ਉਹਨਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਸੰਬਧੀ ਜ਼ਿਲੇ ਭਰ ਵਿਚ ਡੇਂਗੂ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਜਿਨਾਂ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਹਰੇਕ ਸਬ ਡਜਿਵੀਜਨਲ ਹਸਪਤਾਲਾਂ ਅਤੇ ਹਰੇਕ ਬਲਾਕ ਪੱਧਰ ਤੇ ਵੀ ਡੇਂਗੂ ਵਾਰਡਾਂ ਬਣਾਈਆਂ ਗਈਆ ਹਨ। ਐਂਟੀ ਲਾਰਵਾ ਵਿੰਗ ਵਿਚ 15 ਟੀਮਾਂ ਕੰਮ ਕਰ ਰਹੀਆ ਜੋ ਕਿ ਰੋਜਾਨਾਂ ਸ਼ਹਿਰ ਦੇ ਅਲੱਗ-ਅੱਲਗ ਹਿੱਸਿਆਂ ਵਿਚ ਖਾਸ ਕਰਕੇ ਹੋਟਸਪੋਟ ਖੇਤਰਾਂ ਵਿਚ ਜਾ ਕੇ ਐਂਟੀਲਾਰਵਾ ਗਤੀਵਿਧੀਆ ਕਰ ਰਹੀਆਂ ਹਨ।ਇਸਤੋਂ ਇਲਾਵਾ ਸਾਰੇ ਪ੍ਰਾਇਵੇਟ ਹਸਪਤਾਲਾਂ ਅਤੇ ਲੈਬੋਰਟਰੀਆਂ ਨੂੰ ਅਗਾਹ ਕੀਤਾ ਜਾ ਚੁੱਕਿਆ ਹੈ ਕਿ ਕੋਈ ਵੀ ਕੇਸ ਸਾਹਮਣੇ ਆਉਣ ਤੇ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।ਇਸ ਮੋਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਐਮ. ਈ.ਆਈ.ਓ. ਅਮਰਦੀਪ ਸਿੰਘ, ਏ.ਐਮ.ਓ ਰਾਮ ਮਹਿਤਾ,ਐਸ.ਆਈ. ਗੁਰਦੇਵ ਸਿੰਘ ਢਿਲੋਂ, ਸੁਖਦੇਵ ਸਿੰਘ, ਹਰਵਿੰਦਰ ਸਿੰਘ, ਹਰਕਮਲ ਸਿੰਘ, ਰਜਿੰਦਰ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਹਰਮੀਤ ਸਿੰਘ, ਰਣਜੋਧ ਸਿੰਘ, ਬਿਕਰਮਜੀਤ ਸਿੰਘ, ਕਲਦੀਪ ਸਿੰਘ, ਗੁਰਪਾਲ ਸਿੰਘ, ਸੰਜੀਵ ਕੁਮਾਰ ਸਮੂਹ ਫੀਲਡ ਵਰਕਰ/ਬ੍ਰੀਡਿੰਗ ਕੈਚਰ ਅਤੇ ਐਂਟੀ ਲਾਰਵਾ ਸਟਾਫ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੰਜਾਬ ਯੂਨੀਵਰਸਿਟੀ ਵਿੱਚ ਅੰਤਰਰਾਸ਼ਟਰੀ ਸੰਵਾਦ ਸੈਮੀਨਾਰ ਅਤੇ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ

ਚੰਡੀਗੜ੍ਹ। (ਲੋਕ ਬਾਣੀ) ਹਿੰਦੀ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਅਤੇ ਪੰਜਾਬ ਨੈਸ਼ਨਲ ਬੈਂਕ ਦੇ ਸਾਂਝੇ ਸਹਿਯੋਗ ਨਾਲ ਹਿੰਦੀ ਮਾਹ -2024 ਦੇ ਮੌਕੇ ਤੇ ਅੰਤਰਰਾਸ਼ਟਰੀ ਸੰਵਾਦ ਸੈਮੀਨਾਰ ਅਤੇ ਪੁਰਸਕਾਰ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਨੈਸ਼ਨਲ ਬੈਂਕ ਦੇ ਡਿਪਟੀ ਜਨਰਲ ਮੈਨੇਜਰ ਸੰਜੀਵ ਸਿੰਘ, ਡਿਪਟੀ ਜਨਰਲ ਮੈਨੇਜਰ ਸੁਰੇਸ਼ ਕੁਮਾਰ ਸ਼ਰਮਾ, ਮੁੱਖ ਪ੍ਰਬੰਧਕ ਸੰਜੀਵ ਜੈਨ, ਮੈਨੇਜਰ ਪ੍ਰਦੀਪ ਕੁਮਾਰ, ਬਾਬਾ ਮਸਤਨਾਥ ਯੂਨੀਵਰਸਿਟੀ ਰੋਹਤਕ ਦੇ ਹਿੰਦੀ ਵਿਭਾਗ ਦੇ ਚੇਅਰਮੈਨ ਡਾ.ਬਾਬੂਰਾਮ, ਹਿੰਦੀ ਸੰਗਮ ਫਾਊਂਡੇਸ਼ਨ ਨਿਊਜਰਸੀ ਅਮਰੀਕਾ ਦੇ ਪ੍ਰਧਾਨ ਅਸ਼ੋਕ ਓਝਾ, ਡਾ. ਪ੍ਰੋਗਰਾਮ ਵਿੱਚ ਸੀਨੀਅਰ ਸਾਹਿਤਕਾਰ ਪ੍ਰੇਮ ਵਿੱਜ, ਡਾ. ਵਿਨੋਦ ਕੁਮਾਰ ਸ਼ਰਮਾ ਅਤੇ ਰੇਖਾ ਮਿੱਤਲ ਹਾਜ਼ਰ ਸਨ। ਪ੍ਰੋਗਰਾਮ ਵਿੱਚ ਹਿੰਦੀ-ਵਿਭਾਗ ਦੇ ਚੇਅਰਮੈਨ ਪ੍ਰੋ: ਅਸ਼ੋਕ ਕੁਮਾਰ, ਵਿਭਾਗ ਦੇ ਫੈਕਲਟੀ ਮੈਂਬਰ



ਪ੍ਰੋ: ਬੈਜਨਾਥ ਪ੍ਰਸਾਦ, ਪ੍ਰੋ: ਨੀਰਜਾ ਸੂਦ, ਖੋਜਾਰਥੀ ਅਤੇ ਵਿਦਿਆਰਥੀ ਵੀ ਮੌਜੂਦ ਸਨ। ਹਿੰਦੀ ਵਿਭਾਗ ਵੱਲੋਂ ਹਿੰਦੀ ਪੰਦਰਵਾੜਾ ਮਨਾਇਆ ਗਿਆ ਜਿਸ ਵਿੱਚ ਹਿੰਦੀ ਭਾਸ਼ਾ ਅਤੇ ਸਾਹਿਤ ਨਾਲ ਸਬੰਧਤ ਵੱਖ-ਵੱਖ ਪ੍ਰੋਗਰਾਮ ਅਤੇ ਮੁਕਾਬਲੇ ਕਰਵਾਏ ਗਏ। ਸੰਜੀਵ ਜੈਨ ਨੇ ਸਰਕਾਰੀ ਹਿੰਦੀ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਹਿੰਦੀ ਭਾਸ਼ਾ ਸਿਰਫ਼ ਸੰਚਾਰ ਦੀ ਭਾਸ਼ਾ ਹੀ ਨਹੀਂ ਸਗੋਂ ਰੁਜ਼ਗਾਰ ਦੀ ਭਾਸ਼ਾ ਵੀ ਹੈ। ਡਾ: ਬਾਬੂਰਾਮ ਨੇ ਪਰਵਾਸੀ ਸਾਹਿਤ, ਅਨੁਵਾਦ, ਸੰਪਰਕ ਭਾਸ਼ਾ, ਸਰਕਾਰੀ ਭਾਸ਼ਾ ਅਤੇ ਰਾਸ਼ਟਰੀ ਭਾਸ਼ਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਅਸ਼ੋਕ ਓਝਾ ਨੇ ਅਮਰੀਕਾ ਵਿੱਚ ਹਿੰਦੀ ਦੀ ਸਥਿਤੀ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉੱਥੇ ਹਿੰਦੀ ਦਾ ਬਹੁਤ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ਜੇਤੂਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ ਨੇ ਸਾਰਿਆਂ ਦਾ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ
www.lokbani

# ਬੀਬਾ ਬਲਜੀਤ ਕੌਰ ਵਿਰਕ ਨੇ ਵੀ ਕਾਤਰੋਂ ਪਿੰਡ ਤੋਂ ਸਰਪੰਚੀ ਲੜਨ ਦਾ ਕੀਤਾ ਐਲਾਨ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)ਪਿੰਡ ਕਾਤਰੋਂ ਦੀ ਜਰਨਲ ਲੇਡੀਜ ਸੀਟ ਤੋਂ ਬੀਬੀ ਬਲਜੀਤ ਕੌਰ ਵਿਰਕ ਨੇ ਸਰਪੰਚੀ ਦੀ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ।



ਉਨਾਂ ਅੱਜ ਆਪਣੇ ਕਾਗਜ਼ ਦਾਖਲ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਜੇਕਰ ਸਮੁੱਚੇ ਨਗਰ ਨੇ ਉਨਾਂ ਦਾ ਪੂਰਨ ਸਹਿਯੋਗ ਦਿੱਤਾ ਤਾਂ ਉਹ ਪਿੰਡ ਵਿਚਲੇ ਪਏ ਅਧੂਰੇ ਕਾਰਜਾਂ ਨੂੰ ਸਿਰੇ ਲਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਕਿਹਾ ਹੈ ਕਿ ਉਹ ਸ਼ੁਰੂ ਤੋਂ ਹੀ ਕਿਸਾਨਾਂ ਮਜ਼ਦੂਰਾਂ ਨਾਲ ਸਮੇਂ ਸਮੇਂ ਸਿਰ ਹੁੰਦੀਆਂ ਧੱਕੇ ਸਾਹੀਆਂ ਤੇ ਬੇਇਨਸਾਫੀ ਦੇ ਖਿਲਾਫ ਦਲੇਰੀ ਨਾਲ ਲੜਾਈ ਲੜਦੇ ਰਹੇ ਹਨ। ਉਹਨਾਂ ਇਹ ਵੀ ਆਖਿਆ ਹੈ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਇਹ ਚੋਣ ਨੂੰ ਲੜਨਗੇ। ਉਹਨਾਂ ਸਮੁੱਚੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡ ਦੀ ਭਾਈਚਾਰਕ ਸਾਂਝ ਨੂੰ ਮਜਬੂਤ ਰੱਖਣ ਅਤੇ ਆਪਣੀ ਸਵਿਧਾਨਿਕ ਵੋਟ ਦਾ ਇਸਤੇਮਾਲ ਕਰਨ । ਉਹਨਾਂ ਨੂੰ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਉਨਾਂ ਕਾਲੇ ਕਾਨੂੰਨਾਂ ਦੇ ਖਿਲਾਫ ਜਥੇਬੰਦੀਆਂ ਦੀ ਉੱਠੀ ਬਗਾਵਤੀ ਜੰਗ ਵਿੱਚ ਵੀ ਉਹਨਾਂ ਮੋਹਰੀ ਰੋਲ ਅਦਾ ਕੀਤਾ ਹੈ। ਬੀਬਾ ਵਿਰਕ ਨੇ ਅੰਤ ਵਿੱਚ ਕਿਹਾ ਕਿ ਜੇਕਰ ਪਰਮਾਤਮਾਂ ਉਹਨਾਂ ਨੂੰ ਪਿੰਡ ਦੀ ਸੇਵਾ ਕਰਨ ਦਾ ਆਸ਼ੀਰਵਾਦ ਦਿੰਦੇ ਹਨ ਤਾਂ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੀ ਨੁਹਾਰ ਬਦਲਣ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਣਗੇ।

ਰੋਜ਼ਾਨਾ ਲੋਕ ਬਾਣੀ
www.lokbani

# ਸਰਪੰਚੀ ਦੀ ਬੋਲੀ ਲਾ ਕੇ ਸਰਪੰਚ ਬਣਨਾ ਲੋਕਤੰਤਰ ਦਾ ਕਤਲ ਕਰਨ ਸਮਾਨ



ਬੋਲੀ ਦੇ ਕੇ ਸਰਪੰਚ ਬਣਨ ਵਾਲਾ ਇਹ ਸਮਝਦਾ ਹੈ ਕਿ ਮੈਂ ਸਾਰੇ ਪਿੰਡ ਦੇ ਵੋਟਰਾਂ ਨੂੰ ਖਰੀਦ ਲਿਆ ਹੈ ਅਤੇ ਵੋਟਾਂ ਦੀ ਖਰੀਦੋ ਫਰੋਖਤ ਕਰਨਾ ਇੱਕ ਬਹੁਤ ਵੱਡਾ ਜੁਰਮ ਹੈ। ਸਰਪੰਚ ਪੰਚ ਲਈ ਸਰਬ ਸੰਮਤੀ ਹੋਣਾ ਬਹੁਤ ਹੀ ਵਧੀਆ ਗੱਲ ਹੈ ਬਾ ਸ਼ਰਤ ਕਿ ਇਹ ਪੈਸਾ ਦੇ ਕੇ ਨਹੀਂ ਹੋਣੀ ਚਾਹੀਦੀ ਪਿੰਡ ਜੀ ਪੰਚਾਇਤ ਪਿੰਡ ਦੀ ਸੰਸਦ ਹੁੰਦੀ ਹੈ ਇਹ ਚੋਣ ਬੜੇ ਹੀ ਨਿਰਪੱਖ ਢੰਗ ਨਾਲ ਕਰਵਾਈ ਜਾਣੀ ਚਾਹੀਦੀ ਹੈ। ਜਿਹੜੇ ਜਿਹੜੇ ਪਿੰਡਾਂ ਵਿੱਚ ਬੋਲੀ ਲਾ ਕੇ ਸਰਪੰਚ ਚੁਣੇ ਗਏ ਹਨ ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਉਹਨਾਂ ਪਿੰਡਾਂ ਦੀ ਜਾਂਚ ਪੜਤਾਲ ਹੋਣੀ ਚਾਹੀਦੀ ਹੈ ਅਤੇ ਜੋ ਵੀਡੀਓਜ ਵਾਇਰਲ ਹੋਈਆਂ ਹਨ ਉਹਨਾਂ ਦੀ ਬਰੀਕੀ ਨਾਲ ਜਾਂਚ ਕਰਕੇ ਅਜਿਹੇ ਲੋਕਾਂ ਉੱਪਰ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਪੈਸੇ ਦੇ ਜ਼ੋਰ ਤੇ ਪੰਚ ਸਰਪੰਚ ਬਣਨ ਬਾਰੇ ਸੋਚੇ ਵੀ ਨਾ, ਜੇਕਰ ਇਹ ਬੋਲੀਆਂ ਵਾਲਾ ਵਰਤਾਰਾ ਨਾ ਰੁਕਿਆ ਤਾਂ ਆਉਣ ਵਾਲੇ ਸਮੇਂ ਦੇ ਵਿੱਚ ਪੰਚ ਸਰਪੰਚ ਸਿਰਫ ਅਮੀਰਾਂ ਦੀ ਖੇਡ ਬਣ ਕੇ ਰਹਿ ਜਾਵੇਗੀ। ਜਿੱਥੇ ਬੋਲੀ ਦੇ ਕੇ ਸਰਪੰਚ ਦੀ ਗੱਲ ਹੁੰਦੀ ਹੈ ਉੱਥੇ ਪਿੰਡ ਦੇ ਵੋਟਰਾਂ ਨੂੰ ਚਾਹੀਦਾ ਹੈ ਕਿ ਉਹ ਇਸ ਦਾ ਡੱਟ ਕੇ ਵਿਰੋਧ ਤਾਂ ਜੋ ਯੋਗ ਉਮੀਦਵਾਰ ਚੁਣੇ ਜਾ ਸਕਣ ਅਤੇ ਪਿੰਡਾਂ ਦਾ ਸੱਚ ਮੁੱਚ ਵਿੱਚ ਵਿਕਾਸ ਹੋ ਸਕੇ।ਆਓ ਆਪਾਂ ਸਾਰੇ ਰਲ ਮਿਲ ਕੇ ਆਪਣੇ ਪਿੰਡਾਂ ਦੇ ਚੰਗੇ ਭਵਿੱਖ ਲਈ ਜਾਂ ਤਾਂ ਸੱਚ ਮੁੱਚ ਸਰਬ ਸੰਮਤੀ ਕਰੀਏ ਜਾਂ ਫਿਰ ਵੱਧ ਤੋਂ ਵੱਧ ਵੋਟਾਂ ਪਾ ਕੇ ਆਪੋ ਆਪਣੇ ਪਿੰਡਾਂ ਦੇ ਯੋਗ ਉਮੀਦਵਾਰਾਂ ਨੂੰ ਆਪਣੇ ਪਿੰਡ ਦੀ ਵਾਂਗ ਡੋਰ ਸੰਭਾਈਏ।

ਫੋਟੋ...ਮਾ:ਕੁਲਵਿੰਦਰ ਸਿੰਘ ਖੇੜੀ

# ਪਿਤਾ ਦੀ ਪ੍ਰੇਰਨਾ, ਪਤਨੀ ਦਾ ਉਤਸ਼ਾਹ: ਅੰਕੁਸ਼ ਕੁਕਰੇਜਾ ਦਾ ਮਾਡਲਿੰਗ ਤੋਂ ਅਦਾਕਾਰੀ ਤੱਕ ਦਾ ਅਟੁੱਟ ਟੀਵੀ ਸਫ਼ਰ ਜ਼ੀ ਪੰਜਾਬੀ ਦੇ

(ਲੋਕ ਬਾਣੀ) ਨਵੇਂ ਪ੍ਰਾਈਮ-ਟਾਈਮ ਸ਼ੋਅ ਨਾਲ!!





ਅੰਕੁਸ਼ ਕੁਕਰੇਜਾ, ਇੱਕ ਪ੍ਰਤਿਭਾਸ਼ਾਲੀ ਅਭਿਨੇਤਾ, ਜਿਸਨੇ ਮਾਡਲਿੰਗ ਤੋਂ ਅਦਾਕਾਰੀ ਵਿੱਚ ਤਬਦੀਲੀ ਕੀਤੀ ਹੈ, ਜਿਸਨੇ ਜ਼ੀ ਪੰਜਾਬੀ ਦੇ ਸ਼ੋਅ ਧੀਆਂ ਮੇਰੀਆਂ ਵਿੱਚ ਆਪਣੇ ਕਿਰਦਾਰ ਯੁਵਰਾਜ ਦੀ ਭੂਮਿਕਾ ਨਾਲ ਮਸ਼ਹੂਰ ਹੋਇਆ ਸੀ ਅਤੇ ਹੁਣ ਜ਼ੀ ਪੰਜਾਬੀ ਤੇ ਇੱਕ ਆਗਾਮੀ ਪ੍ਰੋਜੈਕਟ ਲੈ ਕੇ ਆ ਰਿਹਾ ਹੈ।

ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਰਾਜਸਥਾਨ ਤੋਂ ਦਿੱਲੀ ਜਾਣ ਤੋਂ ਬਾਅਦ, ਅੰਕੁਸ਼ ਨੇ ਪੁਣੇ ਦੇ ਇੱਕ ਕਾਲਜ ਵਿੱਚ ਦਾਖਲਾ ਲਿਆ। ਆਪਣੇ ਮਾਰਗ ਤੋਂ ਅਸੰਤੁਸ਼ਟ, ਉਸਨੇ ਕਾਲਜ ਬਦਲਿਆ, ਜਿਸ ਨਾਲ ਉਸਦੀ ਜ਼ਿੰਦਗੀ ਵਿੱਚ ਇੱਕ ਮੋੜ ਆਇਆ। ਅੰਕੁਸ਼ ਕੁਕਰੇਜਾ ਨੇ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਕਿਹਾ, ਇਹ ਪੁਣੇ ਵਿੱਚ ਸੀ ਕਿ ਮੈਂ ਬਹੁਤ ਸਾਰੇ ਫੈਸ਼ਨ ਸ਼ੋਅ ਵਿੱਚ ਹਿੱਸਾ ਲਿਆ ਅਤੇ ਕਈ ਪੁਰਸਕਾਰ ਪ੍ਰਾਪਤ ਕੀਤੇ। ਮੈਂ ਆਪਣੇ ਸੁਪਨਿਆਂ ਨੂੰ ਛੱਡਣ ਨਹੀਂ ਦਿੱਤਾ, ਅਤੇ ਮੈਂ ਮੁੰਬਈ ਵਿੱਚ ਕਈ ਹਿੰਦੀ ਨਾਟਕਾਂ ਵਿੱਚ ਵੀ ਕੰਮ ਕੀਤਾ, ਜਿਸ ਵਿੱਚ ਕੁਮ- ਕੁਮ ਭਾਗਿਆ, ਯੇ ਹੈ ਮੁਹੱਬਤੇਂ; ਮੇਘਾ ਬਰਸੇਂਗੇ ਅਤੇ ਪੁਕਾਰ ਵੀ ਸ਼ਾਮਲ ਹੈ। ।

ਲੌਕਡਾਊਨ ਦੌਰਾਨ, ਅੰਕੁਸ਼ ਨੇ ਇੱਕ ਔਨਲਾਈਨ ਕਾਰੋਬਾਰ ਸ਼ੁਰੂ ਕੀਤਾ ਅਤੇ ਰਾਜਸਥਾਨ ਵਾਪਸ ਆ ਗਿਆ, ਜਿੱਥੇ ਉਸਨੂੰ ਆਪਣੀ ਪਤਨੀ ਦਾ ਅਟੁੱਟ ਸਮਰਥਨ ਮਿਲਿਆ। ਮੇਰੀ ਪਤਨੀ ਨੇ ਮੈਨੂੰ ਅਦਾਕਾਰੀ ਵਿੱਚ ਵਾਪਸ ਆਉਣ ਲਈ ਉਤਸ਼ਾਹਿਤ ਕੀਤਾ, ਅਤੇ ਇਹ ਮੈਨੂੰ ਧੀਆਂ ਮੇਰੀਆਂ ਵਿੱਚ ਮੇਰੀ ਭੂਮਿਕਾ ਵੱਲ ਲੈ ਗਿਆ। ਹੁਣ, ਮੈਂ ਜ਼ੀ ਪੰਜਾਬੀ ਦੇ ਨਾਲ ਆਪਣੇ ਦੂਜੇ ਸ਼ੋਅ ਵਿੱਚ ਇੱਕ ਨਵੇਂ ਕਿਰਦਾਰ ਦੀ ਖੋਜ ਕਰਨ ਲਈ ਉਤਸ਼ਾਹਿਤ ਹਾਂ।

ਅੰਕੁਸ਼ ਆਪਣੀ ਸਫਲਤਾ ਦਾ ਬਹੁਤਾ ਸਿਹਰਾ ਆਪਣੇ ਪਿਤਾ ਨੂੰ ਦਿੰਦੇ ਹਨ, ਜਿਨ੍ਹਾਂ ਨੂੰ ਉਹ ਆਪਣੀ ਸਭ ਤੋਂ ਵੱਡੀ ਪ੍ਰੇਰਨਾ ਮੰਨਦਾ ਹੈ। ਅੰਕੁਸ਼ ਨੇ ਕਿਹਾ, ਮੈਂ ਆਪਣੇ ਪਿਤਾ ਨਾਲ ਹਰ ਖੁਸ਼ੀ ਅਤੇ ਦੁੱਖ ਸਾਂਝਾ ਕਰਦਾ ਹਾਂ, ਅਤੇ ਮੈਂ ਇਸ ਯਾਤਰਾ ਦੌਰਾਨ ਆਪਣੀ

ਰੋਜ਼ਾਨਾ ਲੋਕ ਬਾਣੀ
www.lokbani

# ਦਲਿਤਾਂ ਤੇ ਪਛੜੀਆਂ ਸ਼੍ਰੇਣੀਆਂ ਲਈ ਕਾਂਗਰਸ ਦੇ ਦਰਵਾਜੇ ਪੂਰੀ ਤਰਾਂ ਬੰਦ =ਸਮਰਿਤੀ ਈਰਾਨੀ



ਸ਼ਾਹਬਾਦ ਮਾਰਕੰਡਾ (ਲੋਕ ਬਾਣੀ) ਭਾਜਪਾ ਨੇਤਰੀ ਤੇ ਸਾਬਕਾ ਕੇਂਦਰੀ ਮੰਤਰੀ ਸਮਰਿਤੀ ਇਰਾਨੀ ਨੇ ਲਾਡਵਾ ਵਿਚ ਭਾਰੀ ਇਕੱਠ ਨੂੰ ਸੰਬੋਧਿਤ ਕਰਦਿਆਂ ਭਾਜਪਾ ਦੀ ਡਬਲ ਇੰਜਨ ਵਾਲੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਇਆਂ ਤੇ ਕਾਂਗਰਸ ਤੇ ਨਿਸ਼ਾਨਾ ਸਾਧਿਆ। ਇਰਾਨੀ ਨੇ ਕਿਹਾ ਕਿ ਉਹ ਹਰ ਉਸ ਬੱਚੇ ਨੂੰ ਸਲਾਮ ਕਰਦੀ ਹੈ ਜਿਸ ਨੇ ਹਰਿਆਣਾ ਦੇ ਵਿਕਾਸ ਵਿਚ ਯੋਗਦਾਨ ਦਿੱਤਾ ਹੈ। ਹਰਿਆਣਾ ਦੀਆਂ ਮਾਵਾਂ ਭੈਣਾਂ ਨੇ ਮਾਰਾ ਹਰਿਆਣਾ ਨਾਲ ਸਟਾਪ ਹਰਿਆਣਾ ਦਾ ਨਾਅਰਾ ਦਿੱਤਾ ਹੈ ਤੇ ਭਵਿੱਖ ਵਿਚ ਵੀ ਹਰਿਰਆਣਾ ਦਾ ਵਿਕਾਸ ਨਿਰੰਤਰ ਜਾਰੀ ਰਹੇਗਾ।ਹਰਿਆਣਾ ਦੇ ਲੋਕਾਂ ਨੇ ਤੀਜੀ ਵਾਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਨਾਉਣ ਦਾ ਮਨ ਬਣਾ ਲਿਆ ਹੈ। ਉਨਾਂ ਨੇ ਕਾਂਗਰਸ ਨੂੰ ਦੇਸ਼ ਦੀ ਸਭ ਤੋਂ ਧੋਖੇਬਾਜ ਤੇ ਬੇਈਮਾਨ ਪਾਰਟੀ ਦਿੱਸਆ।ਇਰਾਨੀ ਨੇ ਕਿਹਾ ਕਿ ਦਿੱਲੀ ਦੇ ਸ਼ਾਹੀ ਪਰਿਵਾਰ ਨੇ ਹਿਮਾਚਲ ਦੇ ਲੋਕਾਂ ਨੂੰ ਝੂਠ ਬੋਲ ਕੇ ਫਸਾਇਆ ।ਅੱਜ ਹਿਮਾਚਲ ਕੋਲ ਆਪਣੇ ਮੁਲਾਜਮਾਂ ਨੂੰ ਤਨਖਾਹਾਂ ਦੇਣ ਜੋਗੇ ਪੈਸੇ ਨਹੀਂ। ਜਿਥੇ ਕਾਂਗਰਸ ਹੈ ਉਥੇ ਸਥਿਰਤਾ ਨਹੀਂ ਆ ਸਕਦੀ। ਜਿਹੜੀ ਪਾਰਟੀ ਆਪਣੇ ਆਗੂਆਂ ਵਿਚ ਏਕਤਾ ਨਹੀਂ ਲਿਆ ਸਕਦੀ ,ਉਹ ਸੂਬੇ ਵਿਚ ਸਥਿਰਤਾ ਨਹੀਂ ਲਿਆ ਸਕਦੀ। ਇਰਾਨੀ ਨੇ ਕਿਹਾ ਕਿ ਅੱਜ ਸੂਬੇ ਵਿਚ ਮੁੱਖ ਮੰਤਰੀ ਬਨਣ ਲਈ ਕਾਂਗਰਸ ਵਿਚ ਲੜਾਈ ਹੈ ।ਦੋਵੇਂ ਬਾਪੂ ਪੁੱਤ ਦਾਅਵੇਦਾਰ ਹਨ ਤੇ ਦੋਵੇਂ ਇੱਕਠੇ ਹੋ ਕੇ ਦੂਜਿਆਂ ਦਾ ਨਿਪਟਾਰਾ ਕਰਨ ਵਿਚ ਲੱਗੇ ਹੋਏ ਹਨ। ਕਾਂਗਰਸ ਵਿਚ ਦਲਿਤ ਵਰਗ ਦੇ ਦਰਵਾਜੇ ਬੰਦ ਹਨ ਕਿਉਂਕਿ ਕਾਂਗਰਸ ਜਾਣਦੀ ਹੈ ਕਿ ਦਲਿਤ ਉਨਾਂ ਨੂੰ ਵੋਟ ਨਹੀਂ ਦਿੰਦੇ ।ਕਾਂਗਰਸ ਨੇ ਜੋ ਦਲਿਤਾਂ ਤੇ ਅਤਿਆਚਾਰ ਕੀਤੇ ਹਨ ਉਸ ਨੂੰ ਦਲਿਤ ਭਾਈਚਾਰਾ ਕਦੇ ਨਹੀਂ ਭੁੱਲ ਸਕਦਾ। ਮੁੱਖ ਮੰਤਰੀ ਦੀ ਪਤਨੀ ਸੁਮਨ ਸੈਣੀ ਨੇ ਕਿਹਾ ਕਿ ਭਾਜਪਾ ਸੱਤਾ ਵਿਚ ਸਾਰੇ ਵਰਗਾਂ ਦੀ ਸ਼ਮੂਲੀਅਤ ਯਕੀਨੀ ਬਣਾ ਰਹੀ ਹੈ। ਉਨਾਂ ਕਿਹਾ ਕਿ ਅੱਜ ਹਰਿਆਣਾ ਦੇ ਲੱਖਾਂ ਲੋਕਾਂ ਨੂੰ ਮੁਦਰਾ ਯੋਜਨਾ ਦੇ ਤਹਿਤ ਬਿਨਾਂ ਗਰੰਟੀ ਕਰਜੇ ਮਿਲੇ ਹਨ। ਕਾਂਗਰਸ ਨੂੰ ਸਵਾਰਥੀ ਪਾਰਟੀ ਦਸਿੱਆ ਤੇ ਕਿਹਾ ਕਿ ਉਹ ਸਿਰਫ ਕਿਸਾਨਾਂ ਨੂੰ ਵੋਟ ਬੈਂਕ ਮੰਨਦੀ ਹੈ ਕਾਂਗਰਸ ਨੇ ਕਿਸਾਨਾਂ ਨੂੰ ਹਮੇਸ਼ਾ ਪਾਣੀ ਲਈ ਤਰਸਾਇਆ। ਭਾਜਪਾ ਨੇ ਹਰ ਸਾਲ ਪ੍ਰਧਾਨ ਮੰਤਰੀ ਸਨਮਾਨ ਨਿੱਧੀ ਦੇ ਤਹਿਤ 10 ਕਰੋੜ ਤੋਂ ਵੱਧ ਕਿਸਾਨਾਂ ਨੂੰ ਬਿਨਾਂ ਪੁੱਛੇ 6000 ਰੁਪਏ ਦਿੰਦੀ ਹੈ। ਉਨਾਂ ਕਿਹਾ ਕਿ ਕਾਂਗਰਸ ਨੇ ਐਮ ਐਸ ਪੀ ਨੂੰ ਲੈਕੇ ਲੋਕਾਂ ਵਿਚ ਭੰਬਲਭੂਸਾ ਫੈਲਾਇਆ ਹੋਇਆ ਹੈ ਪਰ ਸਚਾਈ ਇਹ ਹੈ ਕਿ ਭਾਜਪਾ ਨੇ ਸਾਰੀਆਂ 24 ਫਸਲਾਂ ਐਮ ਐਸ ਪੀ ਤੇ ਖਰੀਦਣ ਦਾ ਫੈਸਲਾ ਕੀਤਾ ਹੈ। ਜਦਕਿ ਕਾਂਗਰਸ ਸ਼ਾਸ਼ਤ ਸੂਬਿਆਂ ਵਿਚ ਇਕ ਜਾਂ ਦੋ ਫਸਲਾਂ ਹੀ ਖਰੀਦਿਆਂ ਜਾ ਰਹੀਆਂ ਹਨ। ਉਨਾਂ ਨੇ 5 ਅਕਤੂਬਰ ਨੂੰ ਹਰਿਆਣਾ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾ ਕਮਲ ਦਾ ਫੁੱਲ ਖਿੜਾਉਣ ਦੀ ਅਪੀਲ ਕੀਤੀ। ਸੁਮਨ ਸੈਣੀ ਨੇ ਕਿਹਾ ਕਿ ਨਾਇਬ ਸਿੰਘ ਸੈਣੀ ਦੀ ਅਗਵਾਈ ਵਿਚ ਹੁਣ ਤਕ ਸੂਬੇ ਦੇ ਲੋਕਾਂ ਨੇ ਸਿਰਫ ਟਰੇਲਰ ਹੀ ਦੇਖਿਆ ਹੈ ਪਰ 8 ਅਕਤੂਬਰ ਨੂੰ ਭਾਜਪਾ ਸਰਕਾਰ ਬਨਣ ਤੋਂ ਬਾਅਦ ਵਿਾਸ ਦੀ ਪੂਰੀ ਫਿਲਮ ਲੋਕਾਂ ਨੂੰ ਦਿਖਾਈ ਜਾਏਗੀ।

# ਪੁਰਾਣੀਆਂ ਤੇ ਘਾਤਕ ਬਿਮਾਰੀਆਂ ਤੋਂ ਮੁਕਤੀ ਲਈ ਰਾਮਬਾਣ ਸਿੱਧ ਹੋ ਰਹੀ ਸੀ ਐਮ ਦੀ ਯੋਗਸ਼ਾਲਾ



ਜ਼ੀਰਕਪੁਰ, (ਲੋਕ ਬਾਣੀ)ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਨਾਲ ਜੋੜਨ ਲਈ ਚਲਾਈ ਸੀ ਐਮ ਦੀ ਯੋਗਸ਼ਾਲਾ ਹੁਣ ਆਮ ਲੋਕਾਂ ਲਈ ਖਿੱਚ ਦਾ ਕੇਂਦਰ ਬਣ ਲੱਗੀ ਹੈ। ਯੋਗਾ ਕਲਾਸਾਂ 'ਚ ਲੋਕਾਂ ਦੀ ਵਧਦੀ ਮੈਂਬਰਸ਼ਿੱਪ ਅਤੇ ਲੋਕਾਂ ਨੂੰ ਮਿਲ ਰਹੀ ਪੁਰਾਣੀਆਂ ਅਤੇ ਘਾਤਕ ਬਿਮਾਰੀਆਂ ਤੋਂ ਰਾਹਤ ਲੋਕਾਂ ਨੂੰ ਯੋਗਾ ਦੀ ਅਹਿਮੀਅਤ ਬਾਰੇ ਦੱਸ ਰਹੀ ਹੈ।

ਇਹ ਪ੍ਰਗਟਾਵਾ ਕਰਦਿਆਂ ਸੀ ਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਪ੍ਰਤਿਮਾ ਡਾਵਰ ਨੇ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਤਹਿਤ ਚਲਾਈਆਂ ਜਾ ਰਹੀਆਂ ਯੋਗਾ ਕਲਾਸਾਂ ਵਾਸਤੇ ਮਾਹਿਰ ਯੋਗਾ ਟ੍ਰੇਨਰ ਲਾਏ ਗਏ ਹਨ ਜੋ ਯੋਗਾ ਵਿੱਚ ਘੱਟੋ-ਘੱਟ ਪੀ ਜੀ ਡਿਪਲੋਮਾ/ ਡਿਗਰੀ ਹੋਲਡਰ ਹਨ। ਇੱਕ ਟ੍ਰੇਨਰ ਨੂੰ ਦਿਨ 'ਚ ਇੱਕ-ਇੱਕ ਘੰਟੇ ਦੀ ਮਿਆਦ ਦੀਆਂ 6-6 ਕਲਾਸਾਂ ਦਿੱਤੀਆਂ ਜਾਂਦੀਆਂ ਹਨ ਜੋ ਸਵੇਰ ਤੋਂ ਲੈ ਕੇ ਸ਼ਾਮ ਤੱਕ ਚਲਦੀਆਂ ਹਨ।

ਉਨ੍ਹਾਂ ਦੱਸਿਆ ਕਿ ਜ਼ੀਰਕਪੁਰ ਦੇ ਬਚਪਨ ਸਕੂਲ ਪਾਰਕ (ਸਵੇਰ ਤੇ ਸ਼ਾਮ ਦੀਆਂ ਦੋ ਕਲਾਸਾਂ), ਟਿਊਬਵੈਲ ਪਾਰਕ ਜਰਨੈਲ ਐਨਕਲੇਵ-1, ਸ੍ਰੀ ਚਰਨ ਕਮਲ ਸਾਹਿਬ ਗੁਰਦੁਆਰਾ, ਸੰਤ ਨਿਰੰਕਾਰੀ ਭਵਨ, ਜਰਨੈਲ ਦੌਲਤ ਸਿੰਘ ਪਾਰਕ ਭਬਾਤ ਵਿਖੇ ਯੋਗਾ ਕਲਾਸਾਂ ਲੈ ਰਹੀ ਯੋਗਾ ਟ੍ਰੇਨਰ ਸ਼ੀਤਲ ਚੰਡੀਗੜ੍ਹ ਦੇ ਸੈਕਟਰ 23 ਦੇ ਕਲਾਜ ਤੋਂ ਯੋਗਾ 'ਚ ਪੋਸਟ ਗ੍ਰੈਜੂਏਟ ਡਿਪਲੋਮਾ ਹੋਲਡਰ ਹੋਣ ਤੋਂ ਬਾਅਦ ਹੁਣ ਆਪਣੀ ਪੋਸਟ ਗ੍ਰੈਜੂਏਟ ਡਿਗਰੀ ਵੀ ਨਾਲੋ-ਨਾਲ ਕਰ ਰਹੀ ਹੈ। ਉਸ ਕੋਲ ਯੋਗਾ ਸਿੱਖਣ ਆ ਰਹੇ ਲੋਕ ਆਪਣੀ ਜੀਵਨ ਸ਼ੈਲੀ 'ਚ ਵੱਡਾ ਬਦਲਾਅ ਮਹਿਸੂਸ ਕਰ ਰਹੇ ਹਨ।

ਸ਼ੀਤਲ ਅਨੁਸਾਰ ਉਸ ਕੋਲ 150 ਤੋਂ ਵਧੇਰੇ ਭਾਗੀਦਾਰ ਰੋਜ਼ਾਨਾ ਲਾਈਆਂ ਜਾ ਰਹੀਆਂ 6 ਯੋਗਾ ਕਲਾਸਾਂ 'ਚ ਆਉਂਦੇ ਹਨ, ਜਿਨ੍ਹਾਂ 'ਚੋਂ ਦੋ ਕੇਸਾਂ ਦਾ ਜ਼ਿਕਰ ਕਰਨਾ ਉਹ ਬਹੁਤ ਜ਼ਰੂਰੀ ਸਮਝਦੀ ਹੈ। ਇਨ੍ਹਾਂ 'ਚੋਂ ਇੱਕ ਮਹਿਲਾ ਨੂੰ ਯੋਗਾ ਤੋਂ ਬਾਅਦ ਛਾਤੀ ਦੇ ਕੈਂਸਰ ਜਿਹੀ ਸਮੱਸਿਆ ਤੋਂ ਰਾਹਤ ਮਿਲੀ ਹੈ ਜਦਕਿ ਇੱਕ ਹੋਰ ਮਹਿਲਾ ਨੂੰ ਬ੍ਰੇਨ ਦੀ ਟਿਊਮਰ ਵਰਗੀ ਬਿਮਾਰੀ ਤੋਂ ਰਾਹਤ ਮਹਿਸੂਸ ਹੋਈ ਹੈ। ਉਸ ਦਾ ਕਹਿਣਾ ਹੈ ਕਿ ਉਹ ਖੁਦ ਇਨ੍ਹਾਂ ਦੋਵਾਂ ਨੂੰ ਯੋਗਾ ਤੋਂ ਮਿਲੇ ਇਸ ਕਦਰ ਲਾਭ ਨੂੰ ਵੱਡਾ ਕ੍ਰਿਸ਼ਮਾ ਮੰਨਦੀ ਹੈ।

ਇਸ ਤੋਂ ਇਲਾਵਾ ਸਰਵਾਇਕਲ ਦੇ ਦਰਦ, ਸ਼ੂਗਰ, ਬੀ ਪੀ ਦੀ ਸਮੱਸਿਆ, ਜੋੜਾਂ ਤੇ ਗੋਡਿਆਂ ਦੇ ਦਰਦ ਤੇ ਮੋਟਾਪੇ ਨਾਲ ਜੂਝਦੇ ਲੋਕ ਆਪਣੀਆਂ ਇਨ੍ਹਾਂ ਮੁਸ਼ਕਿਲਾਂ ਤੋਂ ਵੱਡੀ ਰਾਹਤ ਮਹਿਸੂਸ ਕਰ ਰਹੇ ਹਨ। ਉਸ ਦਾ ਕਹਿਣਾ ਹੈ ਕਿ ਹਫ਼ਤੇ 'ਚ 6 ਦਿਨ ਕਲਾਸਾਂ ਲਾਈਆਂ ਜਾਂਦੀਆਂ ਹਨ ਅਤੇ ਛੁੱਟੀ ਦੇ ਦਿਨ ਉਨ੍ਹਾਂ ਨੂੰ ਘਰ 'ਚ ਆਪਣੇ ਆਪ ਇਸ ਅਭਿਆਸ ਨੂੰ ਦੁਹਰਾਉਣ ਲਈ ਕਿਹਾ ਜਾਂਦਾ ਹੈ। ਉਸ ਦਾ ਕਹਿਣਾ ਹੈ ਕਿ ਯੋਗਾ ਅਤੇ ਮੈਡੀਟੇਸ਼ਨ ਸਰੀਰ ਅਤੇ ਦਿਮਾਗ ਨੂੰ ਆਰਾਮ ਪਹੁੰਚਾਉਂਦੇ ਹਨ, ਇਸ ਲਈ ਸਾਨੂੰ ਇਸ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸ 'ਚ ਆਉਣ ਵਾਲਿਆਂ ਤੋਂ ਕੋਈ ਫ਼ੀਸ ਨਹੀਂ ਲਈ ਜਾਂਦੀ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਵੱਛਤਾ ਹੀ ਸੇਵਾ ਅਭਿਆਨ ਤਹਿਤ ਜ਼ਿਲ੍ਹਾ ਕੋਰਟ ਕੰਪਲੈਕਸ ਵਿੱਚ ਸ.ਫਾਈ ਮੁਹਿੰਮ ਚਲਾਈ ਗਈ

ਰੋਜ਼ਾਨਾ ਲੋਕ ਬਾਣੀ www.lokbani

ਮੋਹਾਲੀ, (ਲੋਕ ਬਾਣੀ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਵੱਲੋਂ ਅੱਜ ਸਵੱਛਤਾ ਹੀ ਸੇਵਾ ਅਭਿਆਨ ਦਾ ਆਯੋਜਨ ਸਫ਼ਾਈ ਕਰਮਚਾਰੀਆਂ ਅਤੇ ਸਟਾਫ਼ ਦੀ ਸਰਗਰਮ ਸ਼ਮੂਲੀਅਤ ਨਾਲ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀਮਤੀ ਸੁਰਭੀ ਪਰਾਸ਼ਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਵੱਲੋਂ ਪ੍ਰੇਰਣਾਦਾਇਕ ਭਾਸ਼ਣ ਨਾਲ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਇਸ ਤੋਂ ਬਾਅਦ ਸਾਰੇ ਪ੍ਰਤੀਯੋਗੀਆਂ ਨੇ ਸਵੱਛਤਾ ਦੀ ਸਹੁੰ ਚੁੱਕੀ ਅਤੇ ਕੋਰਟ ਕੰਪਲੈਕਸ ਦੀ ਸਫਾਈ ਕਰਕੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565